ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

You Tube https://youtu.be/LQwolgxDu7I

awazeqaumtvpunjab@gmail.com

ਸ਼ੁੱਕਰਵਾਰ, 16 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੩ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਮੁੱਖ ਮੰਤਰੀ ਮਾਨ ਸ੍ਰੀ ਅਕਾਲ ਤਖ਼ਤ ਸਾਹਿਬ ’ਤੇ ਹੋਏ ਪੇਸ਼

# ਵਿਵਾਦਾਂ ’ਤੇ ਦਿੱਤਾ ਸਪੱਸ਼ਟੀਕਰਨ

**ਅੰਮ੍ਰਿਤਸਰ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਪਿਛਲੇ ਸਮੇਂ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਨ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਰਹਿਤ ਮਰਯਾਦਾ ਤੇ ਸਰਬਉੱਚਤਾ, ਗੁਰੂ ਕੀ ਗੋਲਕ ਵਿਰੁੱਧ ਵਾਰ-ਵਾਰ ਇਤਰਾਜ਼ਯੋਗ ਟਿੱਪਣੀਆਂ ਕਰਨ ਅਤੇ ਸਿੱਖ ਗੁਰੂ ਸਾਹਿਬਾਨ ਤੇ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਦੀਆਂ ਤਸਵੀਰਾਂ ਨਾਲ ਅਤਿ-ਇਤਰਾਜ਼ਯੋਗ ਗਤੀਵਿਧੀ ਕਰਦਿਆਂ ਦੀ ਸਾਹਮਣੇ ਆਈ ਵੀਡੀਓ ਦੇ ਮਾਮਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣਾ ਸਪੱਸ਼ਟੀਕਰਨ ਦੇਣ ਲਈ ਪੁੱਜੇ। ਇਸ ਮੌਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਸਕੱਤਰੇਤ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਸਨਮੁਖ ਪੇਸ਼ ਹੋਏ। ਇਸ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੀ ਮੌਜੂਦ ਸਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸ. ਭਗਵੰਤ ਸਿੰਘ ਪਾਸੋਂ ਉਨ੍ਹਾਂ ਵਿਰੁੱਧ ਪੁੱਜੀਆਂ ਸ਼ਿਕਾਇਤਾਂ ਵਿੱਚ ਲੱਗੇ ਵੱਖ-ਵੱਖ ਦੋਸ਼ਾਂ ਦਾ ਇੱਕ-ਇੱਕ ਕਰਕੇ ਸਪੱਸ਼ਟੀਕਰਨ ਲਿਆ ਗਿਆ ਹੈ। ਇਸ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਨੂੰ ਉਨ੍ਹਾਂ ਵਿਰੁੱਧ ਪੁੱਜੀਆਂ ਸ਼ਿਕਾਇਤਾਂ ਦੇ ਮਾਮਲਿਆਂ ਵਿੱਚ ਸੱਦਿਆ ਗਿਆ ਸੀ, ਜਿਸ ਉੱਤੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਨੂੰ ਸਮਰਪਣ ਭਾਵ ਨਾਲ ਪ੍ਰਵਾਨ ਕਰਦਿਆਂ ਇਹ ਮਹਿਸੂਸ ਕੀਤਾ ਹੈ ਕਿ ਉਨ੍ਹਾਂ ਵੱਲੋਂ ਬੀਤੇ ਸਮੇਂ ਕੁਝ ਗਲਤ ਬਿਆਨੀਆਂ ਹੋਈਆਂ ਹਨ ਅਤੇ ਉਨ੍ਹਾਂ ਸਬੰਧੀ ਸਾਹਮਣੇ ਆਈ ਇਤਰਾਜ਼ਯੋਗ ਵੀਡੀਓ ਦੀ ਫੋਰੈਂਸਿਕ ਜਾਂਚ ਲਈ ਸਹਿਮਤੀ ਵੀ ਪ੍ਰਗਟਾਈ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਪੰਜਾਬ ਸੂਬੇ ਦੇ ਮੁਖੀ ਵਜੋਂ ਇੱਕ ਸੰਵਿਧਾਨਕ ਅਹੁਦੇ ਉੱਤੇ ਬੈਠੇ ਹਨ, ਜਿਸ ਨੂੰ ਸੰਭਾਲਣ ਲਈ ਉਨ੍ਹਾਂ ਨੇ ਸਹੁੰ ਚੁੱਕਣ ਵੇਲੇ ਧਰਮ ਨਿਰਪੱਖ ਰਹਿਣ ਦਾ ਪ੍ਰਣ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਮੁੱਖ ਮੰਤਰੀ ਸੂਬੇ ਅੰਦਰ ਮੌਜੂਦ ਹਰ ਧਰਮ ਦਾ ਤਰਜਮਾਨ ਹੁੰਦਾ ਹੈ ਅਤੇ ਸ. ਭਗਵੰਤ ਸਿੰਘ ਵੱਲੋਂ ਬੀਤੇ ਸਮੇਂ ਸਿੱਖ ਧਰਮ ਦੀਆਂ ਰਵਾਇਤਾਂ, ਦਸਵੰਧ ਦੇ ਸਿਧਾਂਤ ਗੁਰੂ ਕੀ ਗੋਲਕ, ਮਰਯਾਦਾ, ਸਿਧਾਂਤਾਂ ਅਤੇ ਅੰਦਰੂਨੀ ਮਾਮਲਿਆਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਉਚਿਤ ਨਹੀਂ ਹਨ, ਜੋ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਸੱਟ ਮਾਰਦੀਆਂ ਹਨ। ਜਥੇਦਾਰ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਇਸ ਗੱਲ ਤੋਂ ਵਰਜਿਆ ਗਿਆ ਹੈ ਕਿ ਉਹ ਅਗਾਂਹ ਤੋਂ ਸਿੱਖ ਰਵਾਇਤਾਂ, ਗੁਰੂ ਕੀ ਗੋਲਕ, ਮਰਯਾਦਾ, ਸਿਧਾਂਤਾਂ ਅਤੇ ਸਿੱਖਾਂ ਦੇ ਅੰਦਰੂਨੀ ਮਾਮਲਿਆਂ ਬਾਰੇ ਇਸ ਤਰ੍ਹਾਂ ਨਾ ਬੋਲਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਜੋ ਵੀ ਸਪੱਸ਼ਟੀਕਰਨ ਦਿੱਤਾ ਹੈ ਉਸ ਨੂੰ ਦਰਜ ਕਰ ਲਿਆ ਗਿਆ ਹੈ, ਜਿਸ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਵਿਚਾਰਿਆ ਜਾਵੇਗਾ। ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਥ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਮਦਨ ਅਤੇ ਖਰਚਿਆਂ ਨਾਲ ਸਬੰਧਤ ਚਿੱਠਿਆਂ ਦਾ ਰਿਕਾਰਡ ਪ੍ਰਕਾਸ਼ਿਤ ਕਰਨ ਵਾਲੇ ਮਾਸਿਕ ਗੁਰਦੁਆਰਾ ਗਜ਼ਟ ਰਸਾਲੇ ਦੀ ਕਾਪੀ ਵੀ ਵਿਸ਼ੇਸ਼ ਤੌਰ ਉੱਤੇ ਦਿੰਦਿਆਂ ਆਖਿਆ ਕਿ ਉਹ ਇਨ੍ਹਾਂ ਇਤਿਹਾਸਕ ਦਸਤਾਵੇਜ਼ਾਂ ਨੂੰ ਜ਼ਰੂਰ ਪੜ੍ਹਣ ਅਤੇ ਸਮਝਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਇਹ ਗੱਲ ਮੰਨੀ ਹੈ ਕਿ ਉਨ੍ਹਾਂ ਨੂੰ ਸਿੱਖ ਰਹਿਤ ਮਰਯਾਦਾ ਬਾਰੇ ਜਾਣਕਾਰੀ ਨਹੀਂ ਹੈ, ਇਸ ਲਈ ਉਨ੍ਹਾਂ ਨੂੰ ਬਿਨਾਂ ਜਾਣਕਾਰੀ ਮਰਯਾਦਾ ਦੇ ਸਬੰਧ ਵਿੱਚ ਕੁਝ ਨਹੀਂ ਬੋਲਣਾ ਚਾਹੀਦਾ। ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਨਾਲ ਸਬੰਧਤ ਸਾਹਮਣੇ ਆਈ ਵੀਡੀਓ ਦੇ ਮਾਮਲੇ ਵਿੱਚ ਉਨ੍ਹਾਂ ਨੂੰ ਆਖਿਆ ਗਿਆ ਹੈ ਕਿ ਉਹ ਪੰਜਾਬ ਸਰਕਾਰ ਦੀ ਤਰਫ਼ੋਂ ਕੋਈ ਦੋ ਫੋਰੈਂਸਿਕ ਲੈਬਾਂ ਦੱਸਣ ਜਿੱਥੋਂ ਵੀਡੀਓ ਦੀ ਜਾਂਚ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦੀ ਤਰਫ਼ੋਂ ਸੁਝਾਈ ਜਾਣ ਵਾਲੀ ਲੈਬਾਂ ਦੇ ਨਾਲ-ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪਣੇ ਤੌਰ ਉੱਤੇ ਵੀ ਮੁੱਖ ਮੰਤਰੀ ਦੀ ਇਤਰਾਜ਼ਯੋਗ ਵੀਡੀਓ ਦੀ ਜਾਂਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜੋ ਵੀ ਰਿਪੋਰਟ ਸਾਹਮਣੇ ਆਵੇਗੀ ਉਸ ਨੂੰ ਖ਼ਾਲਸਾ ਪੰਥ ਦੇ ਸਨਮੁਖ ਰੱਖ ਕੇ, ਅਗਲਾ ਫ਼ੈਸਲਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿਉਂਕਿ ਵੀਡੀਓ ਵਾਲਾ ਮਾਮਲਾ ਸਿੱਖ ਭਾਵਨਾਵਾਂ ਨਾਲ ਜੁੜਿਆ ਹੈ ਅਤੇ ਇਹ ਵੀ ਜ਼ਰੂਰੀ ਹੈ ਕਿ ਕਿਸੇ ਦੀ ਵੀ ਕਿਰਦਾਰਕੁਸ਼ੀ ਨਹੀਂ ਹੋਣੀ ਚਾਹੀਦੀ ਇਸ ਲਈ ਇਸਦੀ ਦੀ ਫੋਰੈਂਸਿਕ ਜਾਂਚ ਜ਼ਰੂਰੀ ਹੈ। ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦਾ ਸਰਬਉੱਚ ਅਸਥਾਨ ਹੈ ਜਿੱਥੋਂ ਕਿਸੇ ਨਾਲ ਵੈਰ ਵਿਰੋਧ ਦੀ ਭਾਵਨਾ ਨਹੀਂ ਰੱਖੀ ਜਾਂਦੀ ਅਤੇ ਜੋ ਵੀ ਇੱਥੇ ਨਿਮਰਤਾ ਨਾਲ ਆਉਂਦਾ ਹੈ ਉਸ ਦੀ ਗੱਲ ਸੁਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਸਾਨੂੰ ਵਿਚਾਰ ਗੋਸ਼ਟੀ ਨਾਲ ਜੋੜਿਆ ਹੈ, ਜਿਸ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਰੰਪਰਾ ਕਾਰਜ ਕਰਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਲ ਬਹੁਤ ਹੀ ਚੰਗੇ ਮਾਹੌਲ ਵਿੱਚ ਸਾਰੀ ਗੱਲਬਾਤ ਹੋਈ ਹੈ ਅਤੇ ਉਹ ਆਪਣਾ ਪੱਖ ਰੱਖ ਕੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਰਾਜ ਸੱਤਾ ਵਿੱਚ ਉੱਚ ਅਹੁਦਿਆਂ ਉੱਤੇ ਬੈਠਾ ਆਗੂ ਸਿੱਖ ਰਵਾਇਤਾਂ ਤੇ ਮਰਯਾਦਾ ਵਿਰੁੱਧ ਕੋਈ ਐਸੀ ਗਲਤੀ ਕਰੇ ਜਿਸ ਨਾਲ ਸਿੱਖ ਭਾਵਨਾਵਾਂ ਨੂੰ ਸੱਟ ਵੱਜਦੀ ਹੈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਇਹ ਫ਼ਰਜ਼ ਹੈ ਕਿ ਇਸ ਦਾ ਗੰਭੀਰ ਨੋਟਿਸ ਲੈ ਕੇ ਸਬੰਧਤ ਕੋਲੋਂ ਇਸ ਸਬੰਧੀ ਪੁੱਛਗਿੱਛ ਕੀਤੀ ਜਾਵੇ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਨੂੰ ਇਸ ਸੰਜੀਦਾ ਮਾਮਲੇ ਉੱਤੇ ਕਿਸੇ ਤਰ੍ਹਾਂ ਦੀ ਵੀ ਕਾਹਲੀ ਨਹੀਂ ਕਰਨੀ ਚਾਹੀਦੀ ਅਤੇ ਬਿਨਾਂ ਸਹੀ ਤੱਥਾਂ ਦੇ ਕੋਈ ਬਿਆਨਬਾਜ਼ੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹਿਲਾਂ ਵੀ ਸਭ ਨੂੰ ਇਹ ਆਦੇਸ਼ ਕੀਤਾ ਜਾ ਚੁੱਕਾ ਹੈ ਇਸ ਮਾਮਲੇ ਉੱਤੇ ਕਿਸੇ ਤਰ੍ਹਾਂ ਦੀ ਵੀ ਸਿਆਸਤ ਨਾ ਕੀਤੀ ਜਾਵੇ ਅਤੇ ਜੇਕਰ ਅਜਿਹਾ ਕੀਤਾ ਜਾਂਦਾ ਹੈ ਤਾਂ ਇਸ ਦਾ ਗੰਭੀਰ ਨੋਟਿਸ ਲਿਆ ਜਾਵੇਗਾ। ਇੱਕ ਹੋਰ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਆਪਣੀ ਪੇਸ਼ੀ ਮੌਕੇ ਮੁੱਖ ਮੰਤਰੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕੀ ਮਾਮਲਿਆਂ ਸਬੰਧੀ ਕੁਝ ਦਸਤਾਵੇਜ਼ ਦਿੱਤੇ ਗਏ ਹਨ ਜੋ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਨੇ ਪ੍ਰਾਪਤ ਕਰ ਲਏ ਹਨ ਅਤੇ ਇਨ੍ਹਾਂ ਦੀ ਘੋਖ ਉਪਰੰਤ ਸ਼੍ਰੋਮਣੀ ਕਮੇਟੀ ਨੂੰ ਲਿਖਿਆ ਜਾਵੇਗਾ।




## ਜਥੇਦਾਰ ਨੇ ਮੁੱਖ ਮੰਤਰੀ ਮਾਨ ਨੂੰ ਕੀ ਪੁੱਛੇ ਸਵਾਲ

**ਅੰਮ੍ਰਿਤਸਰ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਮੁੱਖ ਮੰਤਰੀ ਭਗਵੰਤ ਮਾਨ ਤੋਂ ਸਪੱਸ਼ਟੀਕਰਨ ਲੈਣ ਉਪਰੰਤ ਜਥੇਦਾਰ ਅਕਾਲ ਤਖ਼ਤ ਕੁਲਦੀਪ ਸਿੰਘ ਗੜਗੱਜ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਮੁੱਖ ਮੰਤਰੀ ਦੀ ਵਾਇਰਲ ਹੋਈ ਵੀਡੀਓ ਦੀ ਜਾਂਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਸ ਸੰਬੰਧੀ ਮੁੱਖ ਮੰਤਰੀ ਪਾਸੋਂ ਕੋਈ ਦੋ ਜਾਂਚ ਕਰਨ ਵਾਲੀਆਂ ਲੈਬਾਂ ਦੇ ਨਾਮ ਮੰਗੇ ਗਏ ਹਨ, ਜਿੱਥੋਂ ਵੀਡੀਓ ਦੀ ਜਾਂਚ ਕਰਵਾਈ ਜਾਵੇਗੀ ਅਤੇ ਪੰਥ ਦੇ ਸਾਹਮਣੇ ਸੱਚ ਲਿਆਂਦਾ ਜਾਵੇਗਾ। ਜਥੇਦਾਰ ਨੇ ਕਿਹਾ ਕਿ ਜਦੋਂ ਗਲਤੀ ਕਰਨ ਵਾਲਾ ਰਾਜ ਸੱਤਾ ’ਤੇ ਹੋਵੇ ਤਾਂ ਫਿਰ ਅਕਾਲ ਤਖਤ ਦਾ ਹੋਰ ਫਰਜ਼ ਬਣ ਜਾਂਦਾ ਹੈ ਕਿ ਉਸ ਤੋਂ ਪੁੱਛਗਿੱਛ ਕੀਤੀ ਜਾਵੇ।

ਜਥੇਦਾਰ ਨੇ ਕਿਹਾ ਕਿ ਮੁੱਖ ਮੰਤਰੀ ਤੋਂ ਗੋਲਕ, ਸਿੱਖ ਰਹਿਤ ਮਰਿਆਦਾ ਅਤੇ ਸੋਸ਼ਲ ਮੀਡੀਆ ’ਤੇ ਵਾਇਰਲ ਹੋਈ ਵੀਡੀਓ ਦੇ ਮਸਲੇ ’ਤੇ ਸਪੱਸ਼ਟੀਕਰਨ ਲਿਆ ਹੈ। ਭਗਵੰਤ ਮਾਨ ਵੱਲੋਂ ਦਿੱਤੇ ਗਏ ਸਪੱਸ਼ਟੀਕਰਨ ਨੂੰ ਸਵੀਕਾਰ ਕਰ ਲਿਆ ਗਿਆ ਹੈ ਪਰ ਵਿਵਾਦਤ ਵੀਡੀਓ ਦਾ ਸੱਚ ਸਾਹਮਣੇ ਲਿਆਉਣ ਲਈ ਇਸ ਦੀ ਜਾਂਚ ਕਰਵਾਈ ਜਾਵੇਗੀ। ਜਥੇਦਾਰ ਨੇ ਮੁੱਖ ਮੰਤਰੀ ਨੂੰ ਕਿਹਾ ਕਿ ਜੇਕਰ ਉਨ੍ਹਾਂ ਨੂੰ ਸਿੱਖ ਰਹਿਤ ਮਰਿਆਦਾ ਬਾਰੇ ਪੂਰੀ ਜਾਣਕਾਰੀ ਨਹੀਂ ਹੈ, ਤਾਂ ਉਹ ਉਸ ’ਤੇ ਕੋਈ ਬਿਆਨਬਾਜ਼ੀ ਨਾ ਕਰਨ। ਇਸ ਦੇ ਜਵਾਬ ਵਿਚ ਭਗਵੰਤ ਮਾਨ ਨੇ ਭਰੋਸਾ ਦਿਵਾਇਆ ਕਿ ਉਹ ਭਵਿੱਖ ਵਿੱਚ ਸਿੱਖ ਮਸਲਿਆਂ ’ਤੇ ਕੋਈ ਵੀ ਟਿੱਪਣੀ ਨਹੀਂ ਕਰਨਗੇ।

ਜਥੇਦਾਰ ਨੇ ਕਿਹਾ ਕਿ ਉਨ੍ਹਾਂ ਨੇ ਭਗਵੰਤ ਮਾਨ ਨੂੰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਖਰਚਿਆਂ ਸੰਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਗਜ਼ਟ ਵੀ ਸੌਂਪਿਆ ਗਿਆ, ਜਿਸ ਵਿਚ ਇੱਕ-ਇੱਕ ਪੈਸੇ ਦੇ ਖਰਚੇ ਦੀ ਜਾਣਕਾਰੀ ਦਰਜ ਹੈ। ਜਥੇਦਾਰ ਨੇ ਮਾਨ ਨੂੰ ਕਿਹਾ ਕਿ ਉਹ ਖੁਦ ਵੀ ਇਸ ਨੂੰ ਪੜ੍ਹਨ ਅਤੇ ਆਪਣੇ ਹੋਰਨਾਂ ਆਗੂਆਂ ਨੂੰ ਵੀ ਪੜ੍ਹਾਉਣ। ਉਨ੍ਹਾਂ ਕਿਹਾ ਕਿ ਅਕਾਲ ਤਖ਼ਤ ਸਾਹਿਬ ਕਿਸੇ ਨਾਲ ਵੈਰ ਨਹੀਂ ਰੱਖਦਾ ਅਤੇ ਇੱਥੇ ਆਉਣ ਵਾਲੇ ਹਰ ਸ਼ਖਸ ਨੂੰ ਗਲ ਨਾਲ ਲਾਇਆ ਜਾਂਦਾ ਹੈ। ਸਿੰਘ ਸਾਹਿਬ ਨੇ ਕਿਹਾ ਕਿ ਮੁੱਖ ਮੰਤਰੀ ਦੇ ਸਪੱਸ਼ਟੀਕਰਨ ਤੋਂ ਬਾਅਦ ਹੁਣ ਸਾਰਿਆਂ ਦੀਆਂ ਨਜ਼ਰਾਂ ਅਗਲੇ ਕਦਮ ’ਤੇ ਹਨ। ਜਥੇਦਾਰ ਨੇ ਦੱਸਿਆ ਕਿ ਆਉਣ ਵਾਲੇ ਸਮੇਂ ਵਿਚ ਪੰਜ ਸਿੰਘ ਸਾਹਿਬਾਨਾਂ ਦੀ ਇਕੱਤਰਤਾ ਸੱਦੀ ਜਾਵੇਗੀ, ਜਿਸ ਵਿਚ ਵਿਚਾਰ-ਵਟਾਂਦਰਾ ਕਰਨ ਤੋਂ ਬਾਅਦ ਹੀ ਅਗਲਾ ਹੁਕਮਨਾਮਾ ਜਾਂ ਫੈਸਲਾ ਸੁਣਾਇਆ ਜਾਵੇਗਾ।

ਸਿੰਘ ਸਾਹਿਬ ਨੇ ਕਿਹਾ ਕਿ ਬੰਗਿਆਂ ਵਾਲੇ ਮਸਲੇ ’ਤੇ ਸਰਕਾਰ ਬਹੁਤ ਕਾਹਲੀ ਕੀਤੀ ਹੈ। ਬਹੁਤ ਸਾਰੇ ਪਾਵਨ ਸਰੂਪ ਭਾਈ ਚੱਤਰ ਸਿੰਘ ਜੀਵਨ ਸਿੰਘ ਹੁਰਾਂ ਅਤੇ ਦਮਦਮੀ ਟਕਸਾਲ ਤੋਂ ਵੀ ਛਪਦੇ ਰਹੇ ਹਨ। ਬਹੁਤ ਸਾਰੇ ਗੁਰਦੁਆਰਾ ਸਾਹਿਬ ਵਿਚ ਅਖੰਡ ਪਾਠ ਸਾਹਿਬ ਦੇ ਪਾਠਾਂ ਦੀਆਂ ਲੜੀਆਂ ਚੱਲਦੀਆਂ, ਬਹੁਤ ਸਾਰੇ ਸਰੂਪ ਅਜਿਹੇ ਹਨ। ਪਿੰਡਾਂ ਦੇ ਗੁਰਦੁਆਰਾ ਸਾਹਿਬ ਵਿਚ ਸਰੂਪ ਸ਼ਸ਼ੋਭਿਤ ਹਨ, ਕਈਆਂ ਨੇ ਸਰੂਪਾਂ ਦੀਆਂ ਰਸੀਦਾਂ ਨਹੀਂ ਸਾਂਭੀਆਂ ਹੁੰਦੀਆਂ, ਕਈਆਂ ਦੇ ਨੰਬਰ ਲੱਗੇ ਹੁੰਦੇ ਪਰ ਜਿਨ੍ਹਾਂ ਦੀ ਰਸੀਦ ਨਹੀਂ ਸੰਭਾਲੀ ਗਈ ਇਸ ਦਾ ਮਤਲਬ ਇਹ ਨਹੀਂ ਕਿ ਉਹ ਅਣਅਧਿਕਾਰਤ ਹਨ। ਉਹ ਗੁਰਦੁਆਰਾ ਸਾਹਿਬ ਵਿਚ ਹੈ ਤੇ ਉਹ ਸਰੂਪ ਵੀ ਸੱਚੇ ਪਾਤਸ਼ਾਹ ਦਾ ਹੈ। ਪਹਿਲਾਂ ਇੰਝ ਵੀ ਹੁੰਦਾ ਸੀ ਕਿ ਜਦੋਂ ਕਿਸੇ ਦੀ ਮੰਨਤ ਪੂਰੀ ਹੁੰਦੀ ਸੀ ਤਾਂ ਉਹ ਕਹਿੰਦਾ ਸੀ ਅਸੀਂ ਗੁਰਦੁਆਰਾ ਸਾਹਿਬ ਵਿਚ ਮਹਾਰਾਜ ਦਾ ਸਰੂਪ ਭੇਂਟ ਕਰਾਂਗੇ ਪਰ ਜਦੋਂ ਬੇਅਦਬੀਆਂ ਦਾ ਦੌਰ ਸ਼ੁਰੂ ਹੋਇਆ ਤਾਂ ਨਿਯਮ ਬਦਲ ਦਿੱਤੇ ਗਏ। ਸਿਰਫ ਸਮਝਣ ਦੀ ਲੋੜ ਹੈ ਕਿ ਗੁਰੂ ਸਾਹਿਬ ਦਾ ਕੋਈ ਸਰੂਪ ਅਣਅਧਿਕਾਰਤ ਨਹੀਂ ਹੈ। ਇਸ ਤੋਂ ਇਲਾਵਾ ਜਿਹੜੇ ਸ਼੍ਰੋਮਣੀ ਕਮੇਟੀ ਮੈਂਬਰਾਂ ਵੱਲੋਂ ਕੁਤਾਹੀਆਂ ਕੀਤੀਆਂ ਗਈਆਂ ਸਨ, ਉਨ੍ਹਾਂ ’ਤੇ ਪਹਿਲਾਂ ਹੀ ਕਾਰਵਾਈ ਹੋ ਚੁੱਕੀ ਹੈ।

# ਪਾਵਨ ਸਰੂਪਾਂ ਬਾਰੇ ਮੁੱਖ ਮੰਤਰੀ ਮਾਨ ਦੇ ਖੁਲਾਸੇ ਦੀ ਡੇਰਾ ਪ੍ਰਬੰਧਕਾਂ ਨੇ ਕੱਢੀ ਫੂਕ, ਕੀ ਝੂਠ ਬੋਲ ਰਹੇ ਨੇ ਮਾਨ?

**ਜਲੰਧਰ/ਨਵਾਂਸ਼ਹਿਰ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬੰਗਾ ਨੇੜਿਓਂ ਇਕ ਧਾਰਿਮਕ ਸਥਾਨ ਤੋਂ 169 ਪਾਵਨ ਸਰੂਪਾਂ ਨੂੰ ਬਰਾਮਦ ਕੀਤੇ ਜਾਣ ਦੇ ਦਾਅਵੇ ਨੂੰ ਝੂਠਾ ਕਰਾਰ ਦਿੱਤਾ ਹੈ। ਬੰਗਾ ਵਿਖੇ ਗੁਰਦੁਆਰਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦੇ ਪ੍ਰਬੰਧਕਾਂ ਨੇ ਪ੍ਰੈੱਸ ਕਾਨਫ਼ਰੰਸ ਕਰਦੇ ਹੋਏ ਪਵਿੱਤਰ ਲਾਪਤਾ ਸਰੂਪਾਂ ਦੇ ਮਾਮਲੇ ਵਿਚ ਵੱਡੇ ਖ਼ੁਲਾਸੇ ਕੀਤੇ ਹਨ। ਪ੍ਰੈੱਸ ਕਾਨਫ਼ਰੰਸ ਕਰਦੇ ਹੋਏ ਅਮਰੀਕ ਸਿੰਘ ਬੱਲੋਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੂੰ ਇਹ ਕਿਸ ਨੇ ਅਧਿਕਾਰ ਦਿੱਤੇ ਹਨ ਕਿ ਉਹ ਸਾਡੇ ਕੋਲੋਂ ਆ ਕੇ ਸਾਡੇ ਹੀ ਗੁਰੂ ਦਾ ਹਿਸਾਬ ਪੁੱਛਣ।

ਮੈਂ ਪੁੱਛਣਾ ਚਾਹੁੰਦਾ ਹਾਂ ਕਿ ਸਰਕਾਰਾਂ ਕੋਲ ਕਦੋਂ ਇਹ ਅਧਿਕਾਰ ਹੋ ਗਏ ਹਨ ਕਿ ਉਹ ਸਾਡੇ ਕੋਲੋਂ ਗੁਰੂ ਦਾ ਹਿਸਾਬ ਪੁੱਛ ਲੈਣ। ਗੁਰੂ ਗ੍ਰੰਥ ਸਾਹਿਬ ਜੀ ਲੋਕਾਂ ਦੇ ਗੁਰੂ ਹਨ। ਮੁੱਖ ਮੰਤਰੀ ਭਗਵੰਤ ਮਾਨ ਨੇ ਬਿਆਨ ਦੇ ਦਿੱਤਾ ਪਰ ਉਨ੍ਹਾਂ ਨੂੰ ਇਹ ਨਹੀਂ ਪਤਾ ਕਿ ਰਾਜਾ ਸਾਹਿਬ ਵਿਚ ਕਿਵੇਂ ਸਤਿਕਾਰ ਕੀਤਾ ਜਾਂਦਾ ਹੈ। ਉਨ੍ਹਾਂ ਕਿਹਾ ਵੱਡੇ ਖ਼ੁਲਾਸੇ ਕਰਦੇ ਹੋਏ ਕਿਹਾ ਕਿ 328 ਲਾਪਤਾ ਸਰੂਪਾਂ ਦਾ ਮਾਮਲਾ 2014 ਤੋਂ ਲੈ ਕੇ 2019 ਦਾ ਮਾਮਲਾ ਹੈ, ਜਿਨ੍ਹਾਂ ਵਿਚੋਂ 30 ਸਰੂਪ ਡੇਰੇ ਨੂੰ ਦਿੱਤੇ ਗਏ ਹਨ। ਸਾਨੂੰ 328 ਸਰੂਪਾਂ ਦੀ ਜਾਣਕਾਰੀ ਸੀ। ਉਨ੍ਹਾਂ ਕਿਹਾ ਕਿ ਸਾਨੂੰ ਇਹੋ ਜਿਹੀਆਂ ਪਾਰਟੀਆਂ ਦੀ ਲੋੜ ਨਹੀਂ ਹੈ, ਜੋ ਝੂਠਾ ਪ੍ਰਚਾਰ ਕਰਕੇ ਸਾਡੇ ਵਿਚ ਪਾੜ ਪਾਵੇ।

ਰੱਸੋਖਾਣਾ ਗੁਰਦੁਆਰਾ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਦੇ ਪ੍ਰਬੰਧਕ ਅਮਰੀਕ ਸਿੰਘ ਬੱਲੋਵਾਲ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪੇਸ਼ੀ ਤੋਂ ਧਿਆਨ ਭਟਕਾਉਣ ਲਈ ਸੀ. ਐੱਮ. ਭਗਵੰਤ ਮਾਨ ਨੇ ਅਜਿਹਾ ਬਿਆਨ ਦਿੱਤਾ ਹੈ। ਉਨ੍ਹਾਂ ਨੇ ਦੱਸਿਆ ਕਿ 169 ’ਚੋਂ 107 ਸਰੂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤੇ ਗਏ। ਰਾਜਾ ਸਾਹਿਬ ਜੀ ਨੇ ਹਮੇਸ਼ਾ ਸੰਗਤ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲਾਇਆ ਹੈ। ਸਾਲ 1978 ਤੋਂ 2012 ਤੱਕ 79 ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਪ੍ਰਕਾਸ਼ਿਤ ਕੀਤੇ ਗਏ। ਸਾਲ 2015 ਤੋਂ ਹੁਕਮਨਾਮਾ ਜਾਰੀ ਕਰਕੇ ਰਿਕਾਰਡ ਰੱਖਣ ਲਈ ਕਿਹਾ ਗਿਆ ਸੀ।

ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਅਤੇ ਉਨਾਂ ਦੀ ਟੀਮ ਨੂੰ ਟਪਲਾ ਲੱਗ ਗਿਆ ਲੱਗਦਾ ਹੈ। 2008 ਤੋਂ ਪਹਿਲਾਂ ਜੋ ਸਰੂਪ ਪ੍ਰਕਾਸ਼ਿਤ ਹੋਏ, ਉਨਾਂ ਦਾ ਕੋਈ ਰਿਕਾਰਡ ਨਹੀਂ ਰੱਖਿਆ ਜਾ ਸਕਦਾ ਸੀ। 2008 ਤੋਂ ਬਾਅਦ ਪ੍ਰਕਾਸ਼ਿਤ ਕੀਤੇ ਗਏ ਸਰੂਪਾਂ ਦਾ ਸਾਰਾ ਰਿਕਾਰਡ ਹੈ। ਸੰਬੰਧਤ ਡੇਰੇ ‘ਤੇ ਉਹ ਸਰੂਪ ਵੀ ਹਨ, ਜੋ 2008 ਤੋਂ ਪਹਿਲਾਂ ਪ੍ਰਕਾਸ਼ਿਤ ਹੋਏ ਹਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 79 ਸਰੂਪ 2012 ਤੋਂ ਪਹਿਲਾਂ ਸਬੰਧਤ ਡੇਰੇ ਨੂੰ ਦਿੱਤੇ ਹਨ। ਇਸ ਕਰਕੇ ਇਹ ਸਰੂਪ 328 ਸਰੂਪਾਂ ਵਾਲੇ ਮਸਲੇ ਦੇ ਘੇਰੇ ‘ਚ ਨਹੀਂ ਆਉਂਦੇ ਹਨ। 169 ਵਿਚੋਂ ਕੁੱਲ੍ਹ 107 ਸਰੂਪ ਹੀ ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤੇ ਗਏ ਹਨ।



2014 ਤੋਂ ਲੈ ਕੇ 2019 ਤੱਕ ਸਬੰਧਿਤ ਡੇਰੇ ਨੂੰ 30 ਸਰੂਪ ਦਿੱਤੇ ਗਏ। ਕੁੱਲ੍ਹ ਮਿਲਾ ਕੇ ਡੇਰੇ ਨੇ ਸਾਰਾ ਰਿਕਾਰਡ ਸਿੱਟ ਨੂੰ ਦੇ ਦਿੱਤਾ ਹੈ। ਡੇਰੇ ਦੇ ਪ੍ਰਬੰਧਕਾਂ ਨੇ ਮੁੱਖ ਮੰਤਰੀ ਦੇ ਬਿਆਨ ਨੂੰ ਝੂਠਾ ਕਰਾਰ ਦਿੰਦੇ ਹੋਏ ਸਰੂਪਾਂ ਬਾਰੇ ਤੱਥ ਦਿੱਤੇ ਹਨ। ਸਰਕਾਰ ਤੇ ਪੁਲਸ ਇੰਨਾਂ ਤੱਥਾਂ ਦੀ ਜਾਂਚ ਕਰ ਸਕਦੀ ਹੈ। ਡੇਰੇ ‘ਚ ਮੌਜੂਦ 62 ਸਰੂਪ ਬਾਹਰੀ ਪ੍ਰਕਾਸ਼ਕਾਂ ਦੇ ਛਾਪੇ ਹੋਏ ਹਨ। ਉਨ੍ਹਾਂ ਕਿਹਾ ਕਿ ਸਾਡੇ ਕੋਲ 169 ਵਿਚੋਂ ਸਰੂਪਾਂ ਵਿਚੋਂ 107 ਸਰੂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤੇ ਗਏ ਮਿਲੇ ਹਨ। 107 ਪਾਵਨ ਸਰੂਪ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਿਤ ਕੀਤੇ ਗਏ ਹਨ, ਜੋ 1978 ਤੋਂ ਲੈ ਕੇ 2012 ਤੱਕ ਪ੍ਰਕਾਸ਼ਿਤ ਕੀਤੇ ਗਏ ਹਨ। ਇਸ ਦੇ ਇਲਾਵਾ 62 ਸਰੂਪ ਅਜਿਹੇ ਹਨ, ਜੋ ਮਲਟੀ ਪ੍ਰਿੰਟਿੰਗ ਪ੍ਰੈੱਸ ਰਾਹੀਂ ਛਾਪੇ ਗਏ ਹਨ। 1978 ਤੋਂ ਲੈ ਕੇ 2012 ਤੱਕ 79 ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪ ਪ੍ਰਕਾਸ਼ਿਤ ਕੀਤੇ ਗਏ ਹਨ

ਇਸ ਤੋਂ ਇਲਾਵਾ ਉਨ੍ਹਾਂ ਨੇ ਇਹ ਵੀ ਜਾਣਕਾਰੀ ਦਿੱਤੀ ਕਿ 30 ਬਿਰਦ ਸਰੂਪਾਂ ਨੂੰ ਗੋਇੰਦਵਾਲ ਸਾਹਿਬ ਵਿਖੇ ਜਮ੍ਹਾ ਕਰਵਾਇਆ ਗਿਆ ਹੈ ਐੱਸ. ਆਈ. ਟੀ. ਦੀ ਟੀਮ ’ਤੇ ਸਵਾਲ ਚੁੱਕਦੇ ਹੋਏ ਪ੍ਰਬੰਧਕਾਂ ਨੇ ਕਿਹਾ ਕਿ ਸਾਡੇ ਕੋਲ ਕਈ ਦਿਨ ਲਗਾਤਾਰ ਐੱਸ. ਆਈ. ਟੀ. ਦੇ ਮੈਂਬਰ ਆਉਂਦੇ ਰਹੇ। ਉਨ੍ਹਾਂ ਨੇ ਆਪ ਹੀ ਐੱਸ. ਆਈ. ਟੀ. ਨੂੰ ਰਿਕਾਰਡ ਦਿੱਤਾ ਪਰ ਦੁੱਖ ਦੀ ਗੱਲ ਇਹ ਹੈ ਕਿ ਐੱਸ. ਆਈ. ਟੀ. ਦੇ ਮੈਂਬਰਾਂ ਨੇ ਇਥੇ ਕੁਝ ਹੋਰ ਕਿਹਾ ਹੈ ਅਤੇ ਉੱਥੇ ਕੁਝ ਹੋਰ ਕਿਹਾ ਹੈ। ਉਨ੍ਹਾਂ ਨੇ ਆਪਣੀ ਗੱਲ ਜਾਰੀ ਰੱਖਦੇ ਹੋਏ ਕਿਹਾ ਕਿ ਜੇਕਰ ਇਥੇ ਸਰੂਪਾਂ ਦੀ ਰਹਿਤ ਮਰਿਆਦਾ ’ਚ ਕਮੀ ਹੈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਜਥੇਦਾਰ ਟੀਮ ਭੇਜਣ, ਹਾਲਾਂਕਿ ਸਮੇਂ ਸਮੇਂ ’ਤੇ ਸ਼੍ਰੋਮਣੀ ਕਮੇਟੀ ਇਥੇ ਆਉਂਦੀ ਰਹਿੰਦੀ ਹੈ। ਅਮਰੀਕ ਸਿੰਘ ਨੇ ਕਿਹਾ ਕਿ ਅਸੀਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਕੁਲਦੀਪ ਸਿੰਘ ਗੜਗੱਜ ਨੂੰ ਬੇਨਤੀ ਕਰਦੇ ਹਾਂ ਕਿ ਉਹ ਆਪਣੀ ਟੀਮ ਭੇਜਣ ਅਤੇ ਇਥੇ ਆ ਕੇ ਚੈਕਿੰਗ ਕਰਵਾ ਲੈਣ। ਇਥੋਂ ਦੇ ਪਾਵਨ ਸਰੂਪਾਂ ਦਾ ਨਿਰੀਖਣ ਕਰਨ।

ਜ਼ਿਕਰਯੋਗ ਹੈ ਕਿ ਬੀਤੇ ਦਿਨ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ ਸੀ ਕਿ ਧਰਮ ਦਾ ਸਿਆਸੀ ਸਵਾਰਥ ਲਈ ਇਸਤੇਮਾਲ ਕਰਨਾ ਨਾ-ਮੁਆਫ਼ੀਯੋਗ ਅਪਰਾਧ ਹੈ। ਉਨ੍ਹਾਂ ਕਿਹਾ ਸੀ ਕਿ 328 ਲਾਪਤਾ ਸਰੂਪਾਂ ਦੇ ਮਾਮਲੇ ਵਿਚ ਗਠਿਤ ਐੱਸ. ਆਈ. ਟੀ. (ਸਿਟ) ਨੇ ਬੰਗਾ ਨੇੜਿਓਂ ਇਕ ਧਾਰਮਿਕ ਅਸਥਾਨ ਤੋਂ 169 ਸਰੂਪ ਬਰਾਮਦ ਕੀਤੇ ਹਨ, ਜਿਨ੍ਹਾਂ ਵਿਚੋਂ 139 ਦਾ ਕੋਈ ਅਧਿਕਾਰਤ ਰਿਕਾਰਡ ਨਹੀਂ ਹੈ। ਉਨ੍ਹਾਂ ਸਪੱਸ਼ਟ ਕਿਹਾ ਸੀ ਕਿ ਇਹ ਕੋਈ ਪ੍ਰਾਪਤੀ ਨਹੀਂ ਸਗੋਂ ਸਾਡਾ ਫ਼ਰਜ਼ ਹੈ। ਸਰੂਪਾਂ ਦਾ ਪ੍ਰਕਾਸ਼ਨ ਐੱਸ. ਜੀ. ਪੀ. ਸੀ. ਦੀ ਜ਼ਿੰਮੇਵਾਰੀ ਹੈ ਅਤੇ ਅਕਾਲੀ ਦਲ ਕਾਰਨ ਇਹ ਸੰਸਥਾ ਆਪਣੇ ਫ਼ਰਜ਼ ਨਿਭਾਉਣ ਵਿਚ ਨਾਕਾਮ ਰਹੀ।

ਆਵਾਜ਼ਿ ਕੌਮ
AWAZE QAUM
International Newspaper & WEB TV

## ਅਜਮਲ ਅਬਦੁਲ ਦੇ ਨਾਂ ਤੋਂ ਆਈ ਸੀ ਈ-ਮੇਲ : ਪੰਜਾਬ ’ਚ ਮਨੁੱਖੀ ਬੰਬ ਧਮਾਕੇ ਦੀ ਧਮਕੀ !

**ਲੁਧਿਆਣਾ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਮਹਾਨਗਰ ਦੀ ਸੁਰੱਖਿਆ ਵਿਵਸਥਾ ਨੂੰ ਚੁਣੌਤੀ ਦਿੰਦੇ ਹੋਏ, ਇਕ ਸਿਰਫਿਰੇ ਵਿਅਕਤੀ ਨੇ ਲੁਧਿਆਣਾ ਜੁਡੀਸ਼ੀਅਲ ਕੰਪਲੈਕਸ ਨੂੰ ਉਡਾਉਣ ਦੀ ਧਮਕੀ ਦਿੱਤੀ ਸੀ। ਇਹ ਈ-ਮੇਲ ਅਜਮਲ ਅਬਦੁਲ ਰਾਜ ਦੇ ਨਾਮ ਤੋਂ ਆਈ ਸੀ, ਜਿਸ ਵਿਚ ਮਨੁੱਖੀ ਬੰਬ ਰਾਹੀਂ ਧਮਾਕਾ ਕਰਨ ਦੀ ਗੱਲ ਕਹੀ ਗਈ ਸੀ। ਪੁਲਸ ਦਾ ਮੰਨਣਾ ਹੈ ਕਿ ਇਹ ਨਾਮ ਫਰਜ਼ੀ ਹੈ। ਫਿਲਹਾਲ ਪੁਲਸ ਨੇ ਅਣਪਛਾਤੇ ਅਜਮਲ ਅਬਦੁਲ ਰਾਜ ਦੇ

ਆਵਾਜ਼ਿ ਕੌਮ
AWAZE QAUM
International Newspaper & WEB TV

ਖ਼ਿਲਾਫ਼ ਕੇਸ ਦਰਜ ਕਰ ਲਿਆ ਹੈ। ਜਾਣਕਾਰੀ ਅਨੁਸਾਰ ਇਹ ਧਮਕੀ ਭਰਿਆ ਸੰਦੇਸ਼ ਭੇਜਣ ਵਾਲੇ ਵਿਅਕਤੀ ਨੇ ਆਪਣੀ ਪਛਾਣ ਅਜਮਲ ਅਬਦੁਲ ਰਾਜ ਵਜੋਂ ਦੱਸੀ ਹੈ। ਈ-ਮੇਲ ਵਿਚ ਸਪੱਸ਼ਟ ਰੂਪ ਵਿਚ ਲਿਖਿਆ ਗਿਆ ਹੈ ਕਿ ਲੁਧਿਆਣਾ ਜੁਡੀਸ਼ੀਅਲ ਕੰਪਲੈਕਸ ਵਿਚ ਮਨੁੱਖੀ ਬੰਬ ਦੀ ਵਰਤੋਂ ਕਰਕੇ ਵੱਡਾ ਧਮਾਕਾ ਕੀਤਾ ਜਾਵੇਗਾ। ਇਸ ਗੰਭੀਰ ਮਾਮਲੇ ਨੂੰ ਦੇਖਦੇ ਹੋਏ, ਮਾਣਯੋਗ ਸੈਸ਼ਨ ਜੱਜ ਸਾਹਿਬ ਦੇ ਦਫ਼ਤਰ ਵੱਲੋਂ ਹੁਕਮ ਜਾਰੀ ਕੀਤੇ ਗਏ ਹਨ। ਅਦਾਲਤ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਰਿਪੋਰਟ ਦਰਜ ਕਰਨ ਅਤੇ ਜਾਂਚ ਦੇ ਹੁਕਮ ਦਿੱਤੇ ਹਨ। ਇਸ ਤੋਂ ਬਾਅਦ ਪੁਲਸ ਨੇ ਈ-ਮੇਲ ਦੇ ਤਕਨੀਕੀ ਪਹਿਲੂਆਂ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਤਾਂ ਜੋ ਮੁਲਜ਼ਮ ਦੀ ਲੋਕੇਸ਼ਨ ਦਾ ਪਤਾ ਲਗਾਇਆ ਜਾ ਸਕੇ। ਸਾਈਬਰ ਸੈੱਲ ਦੀਆਂ ਟੀਮਾਂ ਇਸ ਈ-ਮੇਲ ਦੇ ਸਰੋਤ ਨੂੰ ਲੱਭਣ ਵਿਚ ਜੁਟ ਗਈਆਂ ਹਨ। ਇਸ ਦੇ ਨਾਲ ਹੀ, ਅਦਾਲਤ ਦੀ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਆਉਣ-ਜਾਣ ਵਾਲੇ ਸ਼ੱਕੀ ਵਿਅਕਤੀਆਂ ’ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ।

### ਸੇਵਾਪੰਥੀ ਮਹਾਂਪੁਰਸ਼ਾਂ ਦੀ ਯਾਦ ਵਿੱਚ ਸਲਾਨਾ ਸਮਾਗਮ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਵਿਖੇ ਆਯੋਜਿਤ

# ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਈ



ਸੇਵਾਪੰਥੀ ਮਹਾਂਪੁਰਸ਼ਾਂ ਦੀ ਯਾਦ ਵਿੱਚ ਸਲਾਨਾ ਸਮਾਗਮ ਟਿਕਾਣਾ ਭਾਈ ਜਗਤਾ ਜੀ ਗੋਨਿਆਣਾ ਮੰਡੀ ਬਠਿੰਡਾ ਵਿਖੇ ਅੱਜ ਗੁਰਮਤਿ ਵਿਚਾਰਾਂ ਦੀ ਸਾਂਝ ਕਰਦੇ ਹੋਏ ਪੰਥ ਪ੍ਰਸਿੱਧ ਸਿੱਖ ਪ੍ਰਚਾਰਕ ਅੰਬੈਸਡਰ ਫਾਰ ਪੀਸ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਇਸ ਸਮੇਂ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਮੁੱਖ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ,ਮਹੰਤ ਬਾਬਾ ਕਾਹਨ ਸਿੰਘ ਜੀ ਸੇਵਾਪੰਥੀ,ਸੰਤ ਰਣਜੀਤ ਸਿੰਘ ਸੇਵਾਪੰਥੀ,ਸੰਤ ਜਗਜੀਤ ਸਿੰਘ ਭਾਈਆ ਜੀ,ਸੰਤ ਜਤਿੰਦਰ ਸਿੰਘ ਸੇਵਾਪੰਥੀ,ਭਾਈ ਹਰਜਿੰਦਰ ਸਿੰਘ ਅਤੇ ਹੋਰ ਅਨੇਕਾ ਸੰਤ ਮਹਾਂਪੁਰਸ਼ ਅਤੇ ਵੱਡੀ ਗਿਣਤੀ ਵਿੱਚ ਸਿੱਖ ਸੰਗਤਾਂ ਹਾਜ਼ਰ ਸਨ।

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net



**ਆਵਾਜ਼ਿ ਕੌਮ**
Daily Newspaper from U.K.

Publisher/Chief Editor
**Raghbir Singh Walsal**
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I
Contact :
+447458381111
+447976210161
+919729091243


ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


# ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ

## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।



**+91 98767-50784 +91 98767-50784**

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

## ਮਹਿਤਾ ਚੌਂਕ, ਅੰਮ੍ਰਿਤਸਰ

# ਸਾਂਝਾ ਪੰਜਾਬ

## VEG & NON-VEG INDIAN

WE CATER FOR
★★★★★









SANJHA PUNJAB

VEG & NON-VEG INDIAN

TAKE AWAY MENU

0116 291 1565

075 9999 5787

47 BELGRAVE ROAD

LEICESTER LE4 6AR

visit us : www.sanjhapunjab.co.uk

email: sanjha47@hotmail.com

SANJHA PUNJAB

VEG & NON-VEG INDIAN

0116 291 1565

visit us : www.sanjhapunjab.co.uk

email: sanjha47@hotmail.com

ALLERGY ADVICE !!

Please ask a member of staff if you have any food intolerance or allergies.

ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008
Contact :
98150-83338
70879-59639



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ॥

# ਗੁਰਦੁਆਰਾ ਬਾਬਾ ਸੰਗ ਜੀ ਹਾਈ ਸਟਰੀਟ ਸਮੈਦਿਕ ਬਰਮਿੰਘਮ ਇੰਗਲੈਂਡ

ਵਿਖੇ ਮਾਘੀ ਦੇ ਇਤਿਹਾਸਿਕ ਦਿਨ ਟੁੱਟੀ ਗੰਢੀ ਦਿਹਾੜੇ ਤੇ ਮੁਕਤਸਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਇੰਟਰਨੈਸ਼ਨਲ ਪੰਥਕ ਦਲ ਯੂ. ਕੇ. (ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ) ਵੱਲੋਂ

# ਧਾਰਮਿਕ ਸ਼ਹੀਦੀ ਸਮਾਗਮ

## 18 ਜਨਵਰੀ, 2026 (ਦਿਨ ਐਤਵਾਰ)




### ਗੁਰੂ ਪਿਆਰੀ ਸਾਧ ਸੰਗਤ ਜੀਓ,

ਜਿਸ ਤਰ੍ਹਾਂ ਆਪ ਜੀ ਭਲੀ ਭਾਂਤ ਜਾਣਦੇ ਹੋ ਕਿ ਸਿੱਖ ਇਤਿਹਾਸ ਵਿੱਚ ਮੁਕਤਸਰ ਸਾਹਿਬ ਦੀ ਪਵਿੱਤਰ ਧਰਤੀ ਨੂੰ ਵਿਲੱਖਣ ਮਹੱਤਤਾ ਪ੍ਰਾਪਤ ਹੈ। ਇੱਥੇ ਭਾਈ ਮਹਾ ਸਿੰਘ ਜੀ ਦੀ ਅਗਵਾਈ ਹੇਠ ਉਹ ਸਿੰਘ, ਜੋ ਆਨੰਦਪੁਰ ਸਾਹਿਬ ਦੀ ਘੇਰਾਬੰਦੀ ਦੌਰਾਨ ਬੇਦਾਵਾ ਦੇ ਕੇ ਚਲੇ ਗਏ ਸਨ, ਮਾਤਾ ਭਾਗ ਕੌਰ ਜੀ ਦੀ ਪ੍ਰੇਰਣਾ ਨਾਲ ਪਸ਼ਚਾਤਾਪ ਕਰਦੇ ਹੋਏ ਮੁੜ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਸ਼ਰਨ ਵਿੱਚ ਆਏ। ਮੁਕਤਸਰ ਦੀ ਜੰਗ ਵਿੱਚ ਚਾਲੀ ਸਿੰਘਾਂ ਨੇ ਅਦੁੱਤੀ ਬਹਾਦਰੀ ਦਾ ਪ੍ਰਗਟਾਵਾ ਕਰਦੇ ਹੋਏ ਸ਼ਹਾਦਤਾਂ ਪ੍ਰਾਪਤ ਕਰਕੇ ਗੁਰੂ ਨਾਲੋਂ ਟੁੱਟੀ ਗੰਢੀ। ਗੁਰੂ ਗੋਬਿੰਦ ਸਿੰਘ ਜੀ ਨੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਦੇਖ ਕੇ ਬੇਦਾਵਾ ਪਾੜ ਦਿੱਤਾ ਅਤੇ ਉਨ੍ਹਾਂ ਨੂੰ "ਚਾਲੀ ਮੁਕਤਿਆਂ" ਖਿਤਾਬ ਬਖ਼ਸ਼ਿਆ।

ਇਹ ਪਾਵਨ ਸ਼ਹਾਦਤ ਅੱਜ ਵੀ ਸਾਨੂੰ ਇਹ ਸੰਦੇਸ਼ ਦਿੰਦੀ ਹੈ ਕਿ ਜੇ ਅਸੀਂ ਅਣਜਾਣੇ ਵਿੱਚ ਕਦੇ ਗੁਰੂ ਤੋਂ ਬੇਦਾਵਾ ਦੇ ਬੈਠੇ ਹਾਂ, ਤਾਂ ਗੁਰੂ ਦੇ ਚਰਨਾਂ ਵਿੱਚ ਆ ਕੇ ਆਪਣੇ ਜੀਵਨ ਦਾ ਬੇਦਾਵਾ ਆਪ ਹੀ ਪਾੜੀਏ ਅਤੇ ਗੁਰੂ ਨਾਲ ਪ੍ਰੀਤ ਨਿਭਾਉਣ ਦੀ ਅਰਦਾਸ ਕਰੀਏ।

### ✶ ਪ੍ਰੋਗਰਾਮ ✶

ਆਰੰਭ ਸ੍ਰੀ ਅਖੰਡ ਪਾਠ ਸਾਹਿਬ 16 ਜਨਵਰੀ 2026 ਦਿਨ ਸ਼ੁਕਰਵਾਰ ਸਵੇਰੇ 10 ਵਜੇ
ਭੋਗ ਸ੍ਰੀ ਅਖੰਡ ਪਾਠ ਸਾਹਿਬ 18 ਜਨਵਰੀ 2026 ਦਿਨ ਐਤਵਾਰ ਸਵੇਰੇ 10 ਵਜੇ
*********************

ਭੋਗ ਤੋਂ ਉਪਰੰਤ ਕੀਰਤਨੀ ਜਥਾ ਭਾਈ ਬਲਵੰਤ ਸਿੰਘ ਜੀ ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ ਪੰਛੀ ਭਰਾਵਾਂ ਦੀ ਜੋੜੀ, ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ ਅਤੇ ਪੰਥਕ ਬੁਲਾਰੇ ਸੰਗਤਾਂ ਨੂੰ ਨਿਹਾਲ ਕਰਨਗੇ



ਕੀਰਤਨੀ ਜਥਾ
ਭਾਈ ਬਲਵੰਤ ਸਿੰਘ ਜੀ




ਕੀਰਤਨੀ ਜਥਾ, ਭਾਈ ਬਲਵੰਤ ਸਿੰਘ ਜੀ, ਕਵੀਸ਼ਰੀ ਜਥਾ ਭਾਈ ਮਲਕੀਤ ਸਿੰਘ ਬੰਗਾ, ਪੰਛੀ ਭਰਾਵਾਂ ਦੀ ਜੋੜੀ



ਕਥਾਕਾਰ ਗਿਆਨੀ ਗੁਰਪਾਲ ਸਿੰਘ ਗੁਰਦਾਸਪੁਰ ਵਾਲੇ



### ✶ ਗੁਰੂ ਪੰਥ ਦੇ ਸੇਵਾਦਾਰ ✶

## ਇੰਟਰਨੈਸ਼ਨਲ ਪੰਥਕ ਦਲ ਯੂ. ਕੇ.

(ਬਾਨੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਖਾਲਸਾ, ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ)

ਵਧੇਰੇ ਜਾਣਕਾਰੀ ਲਈ →

ਭਾਈ ਰਘਵੀਰ ਸਿੰਘ ਵਾਲਸਾਲ, ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ, ਮੋ. : +44 7976210161
ਭਾਈ ਕਪਤਾਨ ਸਿੰਘ, ਜਨਰਲ ਸਕੱਤਰ ਤੇ ਮੁੱਖ ਬੁਲਾਰਾ, ਇੰਟਰਨੈਸ਼ਨਲ ਪੰਥਕ ਦਲ ਯੂਕੇ, +44 7788283485
ਭਾਈ ਰਘਵੀਰ ਸਿੰਘ ਬੀਰ੍ਹਾ, ਸੀਨੀਅਰ ਮੀਤ ਪ੍ਰਧਾਨ ਇੰਟਰਨੈਸ਼ਨਲ ਪੰਥਕ ਦਲ ਯੂਕੇ ਅਤੇ (ਸਾਬਕਾ ਪ੍ਰਧਾਨ ਗੁਰਦੁਆਰਾ ਬਾਬਾ ਸੰਗ ਜੀ) +44 7930908368

**Address: GURDWARA BABA SANG JI**
**9 St Paul's Rd, Smethwick Birmingham B66 1EE**





## ਪ੍ਰਧਾਨ ਗੁਰਮੁੱਖ ਸਿੰਘ ਔਜਲਾ, ਬਲਜੀਤ ਸਿੰਘ ਸਰਾਂ ਨੇ ਕਿਹਾ

# 10 ਲੱਖ ਸਿਹਤ ਬੀਮਾਂ ਯੋਜਨਾ ਸਕੀਮ ਦਾ ਸ਼ਲਾਘਾਯੋਗ ਕਦਮ



**ਚੌਂਕ ਮਹਿਤਾ, 15 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਜੋ ਲੋਕਾਂ ਨੂੰ 10 ਲੱਖ ਦੀ ਸਿਹਤ ਬੀਮਾਂ ਯੋਜਨਾਂ ਦੀ ਸਹੂਲਤ ਦਿੱਤੀ ਗਈ ਹੈ ਉਹ ਆਪਣੇ ਆਪ 'ਚ ਬਹੁਤ ਹੀ ਸ਼ਲਾਘਾ ਯੋਗ ਫ਼ੈਸਲਾ ਹੈ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ,ਐਸੀ ਸੈਲ ਦੇ ਜਨਰਲ ਸਕੱਤਰ ਬਲਜੀਤ ਸਿੰਘ ਸਰਾਂ ਨੇ ਆਪਣੇ ਵਿਚਾਰਾਂ ਦੌਰਾਨ ਕੀਤਾ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜੋ 10 ਲੱਖ ਦਾ ਫ਼ਰੀ ਸਿਹਤ ਬੀਮਾਂ ਸਕੀਮ ਸ਼ੁਰੂ ਕੀਤੀ ਗਈ ਹੈ। ਇਸ ਦਾ ਲਾਭ ਪੰਜਾਬ ਵਿੱਚ ਲੱਖਾਂ ਹੀ ਲੋਕ ਲੈਣਗੇ, ਕਿਉਂਕਿ ਪੰਜਾਬ ਵਿੱਚ ਕਈ ਅਜਿਹੇ ਪਰਿਵਾਰ ਹਨ, ਜੋ ਪੈਸਿਆਂ ਕਾਰਨ ਮਹਿੰਗੇ ਹਸਪਤਾਲ ਵਿੱਚ ਆਪਣਾ ਇਲਾਜ਼ ਨਹੀਂ ਸੀ ਕਰਵਾ ਪਾ ਰਹੇ ਪਰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਜੋ 10 ਲੱਖ ਦੀ ਸਿਹਤ ਬੀਮਾਂ ਯੋਜਨਾਂ ਸ਼ੁਰੂ ਕੀਤੀ ਹੈ। ਇਸ ਨਾਲ ਉਹ ਪਰਿਵਾਰ ਹੁਣ ਆਪਣਾ ਸਮੇਂ ਸਿਰ ਕਿਸੇ ਵੀ ਹਸਪਤਾਲ ਵਿੱਚੋਂ ਇਲਾਜ਼ ਕਰਵਾ ਸਕਣਗੇ।ਜੋ ਕਿ ਇਹਨਾਂ ਪਰਿਵਾਰਾਂ ਲਈ ਵੱਡੀ ਸਹੂਲਤ ਹੋਵੇਗੀ।ਉਹਨਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਲੋਕਾਂ ਲਈ ਬਹੁਤ ਕੁੱਝ ਸੋਚਿਆ ਹੈ। ਉਨ੍ਹਾਂ ਨੇ ਕਿਹਾ ਕਿ ਹਲਕਾ ਮਜੀਠਾ ਅਤੇ ਹਲਕਾ ਜੰਡਿਆਲਾ ਗੁਰੂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਅਤੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਨੇ ਵਿਕਾਸ ਕਾਰਜਾਂ ਵਿੱਚ ਦਿਨ ਰਾਤ ਇੱਕ ਕੀਤਾ ਹੈ ਉਹਨਾਂ ਦੀ ਸੋਚ ਸਦਕਾ ਹੀ ਅੱਜ ਪੰਜਾਬ ਦੇ ਲੋਕ ਵੱਡੀਆਂ ਸਹੂਲਤਾਂ ਮਾਣ ਰਹੇ ਹਨ। ਜਿਸ ਵਿੱਚ ਸਿੱਖਿਆ ਰੁਜ਼ਗਾਰ ਅਤੇ ਸਿਹਤ ਸਹੂਲਤਾਂ ਨੂੰ ਸਭ ਤੋਂ ਵੱਧ ਪਹਿਲ ਦਿੱਤੀ ਗਈ ਹੈ। ਅੱਜ ਪੰਜਾਬ ਦਾ ਹਰ ਇੱਕ ਵਰਗ ਆਮ ਆਦਮੀ ਪਾਰਟੀ ਦੀ ਸਰਕਾਰ ਅਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਕਰਵਾਏ ਗਏ ਕੰਮਾਂ ਤੋਂ ਪ੍ਰਭਾਵਿਤ ਹੈ। ਲੋਕ ਆਉਣ ਵਾਲੀਆਂ 2027 ਦੀਆਂ ਚੋਣਾਂ ਵਿੱਚ ਦੁਬਾਰਾ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣਗੇ। ਪ੍ਰਧਾਨ ਔਜਲਾ ਅਤੇ ਸਰਾਂ ਨੇ ਕਿਹਾ ਕਿ ਉਹ ਦਿਨ ਦੂਰ ਨਹੀਂ, ਜਦੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਦੁਬਾਰਾ ਪੰਜਾਬ ਨੂੰ ਸੋਨੇ ਦੀ ਚਿੜੀ ਬਣਾਇਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਕੋਲਲੀ ਮਲੀਆਂ ਵਿਖੇ 18 ਦੀ ਰੈਲੀ ਸਬੰਧੀ ਤਲਬੀਰ ਗਿੱਲ ਨੇ ਕੀਤੀ ਮੀਟਿੰਗ



**ਚੌਂਕ ਮਹਿਤਾ,15 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਇਨਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਚ ਆਮ ਆਦਮੀ ਪਾਰਟੀ ਦੀ ਅਹਿਮ ਮੀਟਿੰਗ ਪਿੰਡ ਕੋਲਲੀ ਮਲੀਆਂ ਵਿਖੇ ਹੋਈ ਜੋ ਇੱਕ ਰੈਲੀ ਦਾ ਰੂਪ ਧਾਰਨ ਕਰ ਗਈ ਮੀਟਿੰਗ ਵਿੱਚ ਸੰਬੋਧਨ ਕਰਦੇ ਆਂ ਹਲਕਾ ਇੰਚਾਰਜ ਤਲਬੀਰ ਸਿੰਘ ਸਿੰਘ ਗਿੱਲ ਨੇ ਕਿਹਾ ਕਿ ਸੂਬੇ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ 18 ਨੂੰ ਦਾਣਾ ਮੰਡੀ ਮਜੀਠਾ ਵਿਖੇ ਇੱਕ ਵਿਸ਼ਾਲ ਰੈਲੀ ਕੀਤੀ ਜਾ ਰਹੀ ਹੈ ਜਿਸ ਨੂੰ ਲੈ ਕੇ ਹਲਕੇ ਵਿੱਚ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ ਇਹ ਰੈਲੀ ਇੱਕ ਇਤਿਹਾਸਿਕ ਅਤੇ ਸੂਬੇ ਦੀ ਸਭ ਤੋਂ ਵੱਡੀ ਮਹਾ ਰੈਲੀ ਹੋਵੇਗੀ ਇਸ ਮੌਕੇ ਸਾਬਕਾ ਸਰਪੰਚ ਸੁਰਜੀਤ ਸਿੰਘ ਗੁਰਮੀਤ ਸਿੰਘ ਕੋਟਲੀ ਮਲੀਆਂ ਕਸ਼ਮੀਰ ਸਿੰਘ ਸ਼ਾਹ ਵਿਰਸਾ ਸਿੰਘ ਕੁਲਵੰਤ ਸਿੰਘ ਜਸਵੰਤ ਸਿੰਘ ਜੋਧਾ ਸਿੰਘ ਸੁਖਦੇਵ ਸਿੰਘ ਕੁਲਵੰਤ ਸਿੰਘ ਬੂਰਾ ਰੋਸ਼ਨ ਸਿੰਘ ਪ੍ਰੀਤ ਡਾਕਟਰ ਆਦਿ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV




### ਯਾਦਵਿੰਦਰ ਸਿੰਘ ਸਵੀਡਨ ਦਾ ਨਾਵਲ "ਸਲੀਬ ਤੋਂ ਜ਼ਿੰਦਗੀ ਤੱਕ" ਲੋਕ ਅਰਪਿਤ

# ਪਿੰਡ ਦਨਿਆਲ ਵਿਖੇ ਪੰਜਾਬੀ ਸਾਹਿਤ ਸਭਾ ਵੱਲੋਂ 'ਮਾਘੀ ਦਿਵਸ' ਮੌਕੇ ਕਵੀ ਦਰਬਾਰ

**ਚੌਕ ਮਹਿਤਾ, 15 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪਿਛਲੇ 41 ਸਾਲਾਂ ਤੋਂ ਨਿਰੰਤਰ ਪੰਜਾਬੀ ਮਾਂ ਬੋਲੀ ਦੀ ਸੇਵਾ ਵਿੱਚ ਜੁਟੀ ਚਰਚਿੱਤ ਸਾਹਿਤ ਸੰਸਥਾ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ (ਰਜਿ:) ਦੇ ਸਹਿਯੋਗ ਨਾਲ, ਅੱਜ "ਮਾਘੀ ਦਿਵਸ ਮੌਕੇ" ਇਕ ਸਾਹਿਤਕ ਸਮਾਗਮ, ਨਜ਼ਦੀਕੀ ਪਿੰਡ ਦਨਿਆਲ ਵਿਖੇ ਕਰਵਾਇਆ ਗਿਆ । ਇਸ ਮੌਕੇ ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਪ੍ਰਵਾਸੀ ਲੇਖਕ ਯਾਦਵਿੰਦਰ ਸਿੰਘ ਬਦੇਸ਼ਾ (ਸਵੀਡਨ), ਹਰਕੰਵਲਜੀਤ ਸਾਹਿਲ ਕੈਨੇਡਾ (ਸੰਪਾਦਕ 7-ਰੀਵਰ), ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਮਾਸਟਰ ਬਾਵਾ ਸਿੰਘ ਦਨਿਆਲ, ਗੁਰਮੁੱਖ ਸਿੰਘ ਦਨਿਆਲ, ਜਸਪਾਲ ਸਿੰਘ ਬਦੇਸ਼ਾ (ਦੋਵੇਂ ਸਾਬਕਾ ਸਰਪੰਚ), ਮੈਨੇਜਰ ਬਲਵਿੰਦਰ ਸਿੰਘ ਕਲੇਰ ਸ਼ੁਸ਼ੋਭਿਤ ਹੋਏ । ਇਸ ਮੌਕੇ ਸਭ ਤੋਂ ਪਹਿਲਾਂ ਸਮੁੱਚੇ ਤੌਰ 'ਤੇ "ਪਵਣੁ ਗੁਰੂ ਪਾਣੀ ਪਿਤਾ ਮਾਤਾ ਧਰਤਿ ਮਹਤੁ" ਦੇ ਮਹਾਂਵਾਕ ਅਨੁਸਾਰ ਇਸ ਵਰ੍ਹੇ ਆਪਣੇ ਚੁਫੇਰੇ ਨੂੰ ਸਾਫ ਸੁਥਰਾ, ਹਰਿਆ ਭਰਿਆ ਰੱਖਣ, ਰੁੱਖ ਲਾਉਣ, ਪਾਣੀ ਦੀ ਹੋ ਰਹੀ ਬਰਬਾਦੀ ਨੂੰ ਰੋਕਣ, ਜਲ ਸਰੋਤਾਂ ਦੀ ਸ਼ੁੱਧਤਾ ਨੂੰ ਕਾਇਮ ਰੱਖਣ ਦਾ ਪ੍ਰਣ ਕੀਤਾ ਗਿਆ । ਉਪਰੰਤ ਪ੍ਰਵਾਸੀ ਲੇਖਕ ਯਾਦਵਿੰਦਰ ਸਿੰਘ ਬਦੇਸ਼ਾ (ਸਵੀਡਨ) ਦਾ ਤੀਸਰਾ ਨਾਵਲ "ਸਲੀਬ ਤੋਂ ਜ਼ਿੰਦਗੀ ਤੱਕ" ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ । ਇਸ ਮੌਕੇ ਮਾ: ਧਰਮ ਸਿੰਘ ਧਿਆਨਪੁਰੀ ਨੇ ਨਾਵਲ "ਸਲੀਬ ਤੋਂ ਜ਼ਿੰਦਗੀ ਤੱਕ" ਉਪਰ ਭਾਵਪੂਰਤ ਸ਼ਬਦਾਂ ਵਿੱਚ ਪਰਚਾ ਪੜ੍ਹਿਆ, ਜਿਸ ਉਪਰ ਉਸਾਰੂ ਬਹਿਸ ਹੋਈ । ਉਪਰੰਤ ਬੀਬਾ ਮਨਦੀਪ ਕੌਰ ਸਵੀਡਨ, ਬੀਬੀ ਪਿਆਰ ਕੌਰ, ਪਟਵਾਰੀ ਪ੍ਰਿੰਸਜੀਤ ਸਿੰਘ, ਮਲਕੀਤ ਸਿੰਘ ਜੇ.ਈ., ਲਖਬੀਰ ਸਿੰਘ ਫੌਜੀ, ਹੀਰਾ ਸਿੰਘ, ਗੁਰਜੀਤ ਸਿੰਘ, ਜਗਤਾਰ ਸਿੰਘ ਨੇ ਕਿਹਾ ਕਿ ਯਾਦਵਿੰਦਰ ਸਿੰਘ ਬਦੇਸ਼ਾ ਨੇ ਰੋਜੀ ਰੋਟੀ ਲਈ, ਜਿੱਥੇ ਵਿਦੇਸ਼ ਰਹਿੰਦਿਆਂ ਜਿੱਥੇ ਪਰਿਵਾਰਕ ਜ਼ਿੰਮੇਵਾਰੀਆਂ ਬਾਖੂਬੀ ਨਿਭਾਈਆਂ, ਉਥੇ ਪੰਜਾਬ ਦੀ ਮਿੱਟੀ ਨਾਲ ਜੁੜਦਿਆਂ ਪੰਜਾਬੀ ਸਾਹਿਤ ਸਭਾ ਦੀ ਝੋਲੀ ਵੀ ਤਿੰਨ ਪੁਸਤਕਾਂ ਪਾ ਕੇ ਆਪਣਾ ਵੱਡਮੁੱਲਾ ਯੋਗਦਾਨ ਪਾਇਆ ਹੈ । ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਸਰਵਸ੍ਰੀ ਮੱਖਣ ਸਿੰਘ ਭੈਣੀਵਾਲਾ, ਸਿਮਰਨਜੀਤ ਕੌਰ ਮਾਹਲਾ, ਮਾ: ਧਰਮ ਸਿੰਘ ਧਿਆਨਪੁਰ, ਮਾ: ਲਖਵਿੰਦਰ ਸਿੰਘ ਮਾਨ ਹਵੇਲੀਆਣਾ, ਅਜੀਤ ਸਿੰਘ ਸਠਿਆਲਵੀ, ਡਾ: ਕੁਲਵੰਤ ਸਿੰਘ ਬਾਠ, ਬਲਵਿੰਦਰ ਸਿੰਘ ਅਠੌਲਾ, ਹਰਕੰਵਲਜੀਤ ਸਾਹਿਲ, ਸੰਨਪ੍ਰੀਤ ਸਿੰਘ ਅਠੌਲਾ ਨੇ ਕਾਵਿ ਰਚਨਾਵਾਂ ਪੇਸ਼ ਕੀਤੀਆਂ ।ਮੰਚ ਸੰਚਾਲਨ ਦੇ ਫਰਜ਼ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਬਾਖੂਬੀ ਨਿਭਾਏ । ਅਖੀਰ ਵਿੱਚ ਯਾਦਵਿੰਦਰ ਸਿੰਘ ਬਦੇਸ਼ਾ ਨੇ ਆਪਣੇ ਜ਼ਿੰਦਗੀ ਦੇ ਮਿੱਠੇ ਕੌੜੇ ਤਜਰਬੇ ਵੀ ਸਭ ਨਾਲ ਸਾਂਝੇ ਕੀਤੇ । ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਯਾਦਵਿੰਦਰ ਸਿੰਘ ਬਦੇਸ਼ਾ ਨੂੰ ਵਿਸ਼ੇਸ਼ ਤੌਰ 'ਤੇ ਸਨਮਨਾਨਿਤ ਕੀਤਾ ਗਿਆ ।



# 40 ਮੁਕਤਿਆਂ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ



**ਚੌਕ ਮਹਿਤਾ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਖੁਜਾਲਾ ਤੋਂ 40 ਮੁਕਤਿਆਂ ਦੀ ਸ਼ਹੀਦੀ ਨੂੰ ਸਮਰਪਿਤ ਅਤੇ ਮਾਘੀ ਦੇ ਦਿਹਾੜੇ ਤੇ ਰੱਖੇ ਗਏ ਸ੍ਰੀ ਅਖੰਡ ਪਾਠ ਦੇ ਭੋਗ ਪਾਏ ਗਏ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਨਗਰ ਕੀਰਤਨ ਸਜਾਇਆ ਗਿਆ।ਜਿਸ ਵਿਚ ਨਗਰ ਦੀਆਂ ਪ੍ਰਕਰਮਾਂ ਕੀਤੀਆਂ ਗਈਆਂ। ਵੱਖ ਵੱਖ ਪੜਾਵਾਂ ਤੇ ਚਾਹ ਪਕੌੜਿਆਂ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ। ਇਸ ਮੌਕੇ ਗ੍ਰੰਥੀ ਕੇਵਲ ਸਿੰਘ, ਖਜ਼ਾਨ ਸਿੰਘ ਸੋਨੀ ਠੇਕੇਦਾਰ, ਭਗਵਾਨ ਸਿੰਘ, ਮਾਸਟਰ ਮਨੋਹਰ ਸਿੰਘ, ਪਲਵਿੰਦਰ ਸਿੰਘ ਸਾਬਕਾ ਸਰਪੰਚ, ਫਤਹਿਪਾਲ ਸਿੰਘ ਸਰਪੰਚ, ਗੁਰਸ਼ਰਨ ਸਿੰਘ ਖੁਜਾਲਾ, ਹਰਪ੍ਰੀਤ ਸਿੰਘ,ਡਾ.ਸੇਰ ਸਿੰਘ, ਤੀਰਥ ਸਿੰਘ, ਜਸਵੰਤ ਸਿੰਘ ਸੇਠ, ਮੁਖਤਾਰ ਸਿੰਘ ਠੇਕੇਦਾਰ ਆਦਿ ਹਾਜ਼ਰ ਸਨ।

ਖਾਲਸਾ ਕਾਲਜ ਮਹਿਤਾ ਵਿਖੇ

# 40 ਮੁਕਤਿਆਂ ਦੀ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ ਕਰਵਾਇਆ ਗਿਆ





**ਚੌਕ ਮਹਿਤਾ, 15 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਵਿਖੇ ਮਾਘੀ ਦੇ ਪਾਵਨ ਦਿਹਾੜੇ 'ਤੇ ਕਾਲਜ ਵੱਲੋਂ ਮੁਕਤਸਰ ਦੇ ਇਤਿਹਾਸਿਕ ਮਾਘੀ ਮੇਲੇ ਅਤੇ ਲੋਹੜੀ ਦੇ ਤਿਉਹਾਰ ਨਾਲ ਸੰਬੰਧਿਤ ਇੱਕ ਵਿਸ਼ੇਸ਼ ਸੈਮੀਨਾਰ ਆਯੋਜਿਤ ਕੀਤਾ ਗਿਆ । ਇਸ ਸੈਮੀਨਾਰ ਵਿੱਚ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਖਾਲਸਾ ਕਾਲਜ ਦੇ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਦੇ ਹੋਏ ਮੁਕਤਸਰ ਦੇ ਮਾਘੀ ਮੇਲੇ ਦੀ ਧਾਰਮਿਕ, ਇਤਿਹਾਸਿਕ ਅਤੇ ਸਭਿਆਚਾਰਿਕ ਮਹੱਤਤਾ ਉੱਤੇ ਚਾਨਣਾ ਪਾਇਆ ।ਉਨ੍ਹਾ ਦੱਸਿਆ ਕਿ ਇਸ ਮੇਲੇ ਦਾ ਸਬੰਧ ਖਿਦਰਾਣੇ ਦੀ ਢਾਬ ਵਿਖੇ ਹੋਈ ਮੁਗਲਾਂ ਤੇ ਸਿੱਖ ਫੌਜਾਂ ਵਿਚਕਾਰ ਭਿਅੰਕਰ ਲੜਾਈ ਨਾਲ ਹੈ ਜਿਸ ਵਿੱਚ ਮਾਝੇ ਦੇ ਉਹ 40 ਸਿੱਖ ਜਿਹੜੇ ਆਨੰਦਪੁਰ ਦੇ ਕਿਲੇ ਦੀ ਘੇਰਾਬੰਦੀ ਸਮੇਂ ਗੁਰੂ ਜੀ ਨੂੰ ਬੇਦਾਵਾ ਦੇ ਕੇ ਉਹਨਾਂ ਦਾ ਸਾਥ ਛੱਡ ਗਏ ਸਨ ,ਮਹਾਂ ਸਿੰਘ ਦੀ ਅਗਵਾਈ ਹੇਠ ਬਹਾਦਰੀ ਨਾਲ ਲੜਦੇ ਹੋਏ ਸ਼ਹੀਦ ਹੋਏ। ਉਹਨਾਂ ਦੀ ਲਾਸਾਨੀ ਸ਼ਹਾਦਤ ਤੋਂ ਪ੍ਰਭਾਵਿਤ ਹੋ ਕੇ ਉਹਨਾਂ ਦੀ ਟੁੱਟੀ ਗੰਢੀ ਅਤੇ ਉਹਨਾਂ ਨੂੰ ਮੁਕਤੀ ਦਾ ਵਰ ਦਿੱਤਾ ।ਜਿਸ ਕਰਕੇ ਖਿਦਰਾਣੇ ਦੀ ਢਾਬ ਦਾ ਨਾਮ ਮੁਕਤਸਰ ਪੈ ਗਿਆ। ਉਹਨਾਂ ਕਿਹਾ ਕਿ 40 ਮੁਕਤਿਆਂ ਅਤੇ ਸ਼੍ਰੀ ਮੁਕਤਸਰ ਸਾਹਿਬ ਨਾਲ ਸਿੱਖ ਇਤਿਹਾਸ ਦਾ ਉਹ ਸੁਨਹਿਰੀ ਪੰਨਾ ਜੁੜਿਆ ਹੈ ਜਿਸ ਵਿੱਚ ਪਛਤਾਵਾ ਪ੍ਰੇਰਨਾ ਬਣਿਆ, ਪ੍ਰੇਰਣਾ ਵਿੱਚੋਂ ਲਾਸਾਨੀ ਸ਼ਹਾਦਤਾਂ ਅਤੇ ਸ਼ਹਾਦਤਾਂ ਵਿੱਚੋਂ ਬੇਮਿਸਾਲ ਇਤਿਹਾਸ ਨੇ ਜਨਮ ਲਿਆ। ਉਨਾਂ ਅੱਗੇ ਦੱਸਿਆ ਕਿ ਮੁਕਤਸਰ ਦੀ ਜੰਗ ਵਿੱਚ ਜਿੱਥੇ 40 ਮੁਕਤਿਆਂ ਦੀ ਸ਼ਹਾਦਤ ਨੂੰ ਯਾਦ ਕੀਤਾ ਜਾਂਦਾ ਹੈ ਉੱਥੇ ਹੀ ਇਹਨਾਂ 40 ਸਿੰਘਾਂ ਨੂੰ ਮੈਦਾਨ-ਏ-ਜੰਗ ਵਿੱਚ ਵੰਗਾਰ ਕੇ ਲੈ ਕੇ ਆਉਣ ਵਾਲੀ ਮਾਈ ਭਾਗੋ ਦਾ ਨਾਮ ਵੀ ਸਿੱਖ ਇਤਿਹਾਸ ਚ ਬਹੁਤ ਸ਼ਾਨ ਨਾਲ ਲਿਆ ਜਾਂਦਾ ਹੈ। ਅੱਜ ਵੀ ਮਾਈ ਭਾਗੋ ਦੀਆਂ ਵਾਰਸਾਂ ਨੂੰ ਅੱਗੇ ਆਉਣ ਦੀ ਤੇ ਜ਼ੁਲਮ ਦੇ ਵਿਰੁੱਧ ਡਟਣ ਦੀ ਸਖਤ ਲੋੜ ਹੈ ਜਿਸ ਤਰ੍ਹਾਂ ਮਾਈ ਭਾਗੋ ਨੇ ਦਲੇਰੀ ਦੇ ਨਾਲ ਜੰਗ ਵਿੱਚ ਤੇਗ ਦੇ ਜੋਹਰ ਵਿਖਾਏ ਸਨ ਸੀ ਉਵੇਂ ਹੀ ਅੱਜ ਦੀ ਔਰਤ ਅੱਗੇ ਵੀ ਕਈ ਜੰਗਾਂ ਹਨ ਜਿੰਨਾਂ ਦਾ ਉਹਨਾਂ ਨੇ ਸਾਹਮਣਾ ਕਰਨਾ ਹੈ। ਇਹ ਮੁਕਾਬਲਾ ਕੇਵਲ ਮਾਈ ਭਾਗੋ ਦੀਆਂ ਸਿੱਖਿਆਵਾਂ ਸਦਕਾ ਹੀ ਪ੍ਰਾਪਤ ਹੋ ਸਕਦਾ ਹੈ। ਉਨਾਂ ਨੇ ਲੋਹੜੀ ਦੇ ਤਿਉਹਾਰ ਨਾਲ ਜੁੜੀਆਂ ਪੰਜਾਬੀ ਲੋਕ-ਪਰੰਪਰਾਵਾਂ ਅਤੇ ਸੱਭਿਆਚਾਰਕ ਮਹੱਤਤਾ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਇਸ ਮੌਕੇ ਤੇ ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਸੁਖਦੇਵ ਸਿੰਘ, ਸੁਖਜੀਤ ਸਿੰਘ, ਮੈਡਮ ਕੁਲਦੀਪ ਕੌਰ ਅਤੇ ਸਮੂਹ ਅਧਿਆਪਕ ਸਾਹਿਬਾਨ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਐੱਸਡੀਐੱਮ ਤਲਵੰਡੀ ਸਾਬੋ ਵੱਲੋਂ

# ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਕੀਤਾ ਅਚਨਚੇਤ ਦੌਰਾ





**ਤਲਵੰਡੀ ਸਾਬੋ, 15 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ਼੍ਰੀ ਪੰਕਜ ਬਾਂਸਲ ਵੱਲੋਂ ਸਿਵਲ ਹਸਪਤਾਲ ਤਲਵੰਡੀ ਸਾਬੋ ਦਾ ਅਚਾਨਕ ਦੌਰਾ ਕੀਤਾ ਗਿਆ। ਇਸ ਮੌਕੇ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਗੁਪਤਾ ਨੇ ਉਹਨਾਂ ਨੂੰ ਹਸਪਤਾਲ ਦੇ ਓਪੀਡੀ ਵਿਭਾਗ, ਐਮਰਜੈਂਸੀ ਅਤੇ ਮਾਈਨਰ ਓਟੀ ਦਾ ਰਾਊਂਡ ਕਰਵਾਇਆ। ਇਸ ਮੌਕੇ ਐੱਸਡੀਐੱਮ ਸਾਹਿਬ ਵੱਲੋਂ ਮਰੀਜ਼ਾਂ ਨਾਲ ਵਿਸ਼ੇਸ਼ ਗੱਲਬਾਤ ਕੀਤੀ ਅਤੇ ਉਹਨਾਂ ਤੋਂ ਸੇਵਾਵਾਂ ਦੀ ਗੁਣਵੱਤਾ, ਦਵਾਈਆਂ ਦੀ ਉਪਲਬਧਤਾ ਅਤੇ ਹੋਰ ਸਹੂਲਤਾਂ ਬਾਰੇ ਪੁੱਛਿਆ। ਉਹਨਾਂ ਨੇ ਰਾਸ਼ਟਰੀ ਅਤੇ ਰਾਜ ਪੱਧਰੀ ਸਿਹਤ ਕਾਰਜਾਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਲਈ। ਇਸ ਦੌਰਾਨ ਹਸਪਤਾਲ ਸਟਾਫ ਨੂੰ ਵੀ ਉਹਨਾਂ ਨੇ ਚੰਗੇ ਕੰਮ ਨੂੰ ਜਾਰੀ ਰੱਖਣ ਲਈ ਪ੍ਰੇਰਿਤ ਕੀਤਾ। ਐੱਸਐੱਮਓ ਡਾ. ਰਵੀ ਕਾਂਤ ਗੁਪਤਾ ਨੇ ਹਸਪਤਾਲ ਦੀਆਂ ਸੇਵਾਵਾਂ ਬਾਰੇ ਵੇਰਵੇ ਨਾਲ ਦੱਸਿਆ। ਇਸ ਮੌਕੇ ਐਸਡੀਐਮ ਸ੍ਰੀ ਪੰਕਜ ਬਾਂਸਲ ਵੱਲੋਂ ਹਸਪਤਾਲ ਦੀ ਕਾਰਗੁਜ਼ਾਰੀ ਨੂੰ ਮਜਬੂਤ ਕਰਨ ਲਈ ਪ੍ਰਸ਼ਾਸਨਿਕ ਤੌਰ 'ਤੇ ਵੱਧ ਤੋਂ ਵੱਧ ਸਹਿਯੋਗ ਦੇਣ ਦਾ ਭਰੋਸਾ ਦਿੱਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਗੁ, ਗੁਰੂ ਕੀ ਬੇਰ ਸਾਹਿਬ ਕੀਤਾ ਸ਼ੁਕਰਾਨਾ

## ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਕੀਤਾ ਸਨਮਾਨਿਤ



**ਚੌਕ ਮਹਿਤਾ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਰਕਾਰ ਨੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾਂ ਨੂੰ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਤੋਂ ਟਰੇਡ ਕਮਿਸ਼ਨ ਦਾ ਚੇਅਰਮੈਨ ਨਿਯੁਕਤ ਕੀਤਾ ਹੈ। ਸਰਕਾਰ ਦੇ ਵੱਲੋਂ ਇਕ ਵਿਭਾਗੀ ਪੱਤਰ ਜਾਰੀ ਕਰ ਕੇ ਇਸ ਨਿਯੁਕਤੀ ਦਾ ਐਲਾਨ ਗਿਆ। ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਨੇ ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਵਿੱਤਰ ਪਾਵਨ ਅਸਥਾਨ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਕੀਤਾ ਸ਼ੁਕਰਾਨਾ ਇਸ ਮੌਕੇ ਤੇ ਸ੍ਰੀ ਮਾਨ ਸੰਤ ਬਾਬਾ ਸੱਜਣ ਸਿੰਘ ਜੀ ਵੱਲੋਂ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਕੀ ਉ, ਸਰਪੰਚ ਲਖਵਿੰਦਰ ਸਿੰਘ ਰੰਧਾਵਾ ਜਲਾਲ ਉਸਮਾ ਅਤੇ ਪ੍ਰਵਾਰ ਨੂੰ ਸਿਰਪਾਓ ਦੇ ਕੇ ਕੀਤਾ ਸਨਮਾਨਿਤ ।ਜਿਕਰਯੋਗ ਹੈ ਕਿ ਆਪ ਆਗੂ ਹਰਜਿੰਦਰ ਸਿੰਘ ਰੰਧਾਵਾ ਜਲਾਲ ਉਸਮਾਂ ਪਾਰਟੀ ਦੇ ਕਈ ਅਹਿਮ ਅਹੁੱਦਿਆਂ ਤੇ ਆਪਣੀਆਂ ਸੇਵਾਵਾਂ ਪਹਿਲਾਂ ਤੋਂ ਹੀ ਨਿਭਾਅ ਚੁਕੇ ਹਨ । ਉਹਨਾਂ ਦੀ ਕਾਬਲੀਅਤ ਨੂੰ ਮੁੱਖ ਰੱਖਦਿਆਂ ਪਾਰਟੀ ਨੇ ਇਹ ਨਵੀਂ ਜਿੰਮੇਵਾਰੀ ਸੌਂਪੀ ਹੈ । ਅੱਜ ਇਥੇ ਗੱਲਬਾਤ ਕਰਦਿਆਂ ਨਵ-ਨਿਯੁਕਤ ਚੇਅਰਮੈਨ ਹਰਜਿੰਦਰ ਸਿੰਘ ਰੰਧਾਵਾ ਉਸਮਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਹਰਭਜਨ ਸਿੰਘ ਈ.ਟੀ.ਓ. ਅਤੇ ਟਰੇਡ ਕਮਿਸ਼ਨ ਪੰਜਾਬ ਦੇ ਚੇਅਰਮੈਨ ਅਨਿਲ ਠਾਕੁਰ ਦਾ ਵਿਸ਼ੇਸ਼ ਧੰਨਵਾਦ ਕੀਤਾ। ਉਨਾਂ ਆਖਿਆ ਕਿ ਇਸ ਜਿੰਮੇਵਾਰੀ ਨੂੰ ਉਹ ਤਨਦੇਹੀ ਨਾਲ ਨਿਭਾਉਣਗੇ ਅਤੇ ਪਾਰਟੀ ਦੀਆਂ ਉਮੀਦਾਂ ਤੇ ਖਰਾ ਉਤਰਨ ਦੀ ਹਰ ਸੰਭਵ ਕੋਸ਼ਿਸ਼ ਕਰਨਗੇ।

ਆਵਾਜ਼ਿ ਕੌਮ AWAZE QAUM International Newspaper & WEB TV


# 18 ਦੀ ਰੈਲੀ ਸਬੰਧੀ ਮਜੀਠਾ ਹਲਕੇ ਦੇ ਪਿੰਡਾਂ 'ਚ ਭਾਰੀ ਉਤਸ਼ਾਹ : ਪਰਮਜੀਤ ਸਿੰਘ ਬਾਠ ਮੱਤੇਵਾਲ ਪੀ ਬੀ ਐੱਸ ਮੌਲ ਚੌਕ ਮਹਿਤਾ



**ਚੌਕ ਮਹਿਤਾ, 15 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਆਮ ਆਦਮੀ ਪਾਰਟੀ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ 18 ਜਨਵਰੀ ਨੂੰ ਹੋ ਰਹੀ ਰੈਲੀ ਸਬੰਧੀ ਹਲਕਾ ਮਜੀਠਾ ਦੇ ਪਿੰਡਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ ਅਤੇ ਪਿੰਡਾਂ ਦੇ ਲੋਕ ਜਿਨ੍ਹਾਂ ਵਿੱਚ ਇਸਤਰੀਆਂ ਵੀ ਸ਼ਾਮਿਲ ਹਨ, ਵਿੱਚ ਰੈਲੀ ਵਿੱਚ ਸ਼ਾਮਿਲ ਹੋਣ ਲਈ ਤਰੀਕ ਦਾ ਇੰਤਜ਼ਾਰ ਕਰ ਰਹੀਆਂ ਹਨ। ਇਹ ਪ੍ਰਗਟਾਵਾ ਆਮ ਆਦਮੀ ਪਾਰਟੀ ਜਿਲ੍ਹਾ ਪ੍ਰੀਸ਼ਦ ਮੈਂਬਰ ਹਲਕਾ ਮਜੀਠਾ ਤੋਂ ਬੀਬਾ ਬਲਜੀਤ ਕੌਰ ਬਾਠ ਮੱਤੇਵਾਲ ਦੇ ਪਤੀ ਪਰਮਜੀਤ ਸਿੰਘ ਬਾਠ ਮੱਤੇਵਾਲ ਪੀ ਬੀ ਐੱਸ ਮੌਲ ਚੌਕ ਮਹਿਤਾ ਵਾਲਿਆਂ ਨੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਬਾਠ ਮੱਤੇਵਾਲ ਨੇ ਕਿਹਾ ਕਿ ਮਜੀਠਾ ਹਲਕੇ ਵਿੱਚ ਹੋ ਰਹੀ ਇਸ ਰੈਲੀ ਵਿੱਚ ਠਾਠਾਂ ਮਾਰਦਾ ਇਕੱਠ ਇਹ ਦੱਸ ਦੇਵੇਗਾ ਕਿ ਲੋਕ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੇ ਮੋਢੇ ਨਾਲ ਮੋਢਾ ਜੋੜ ਕੇ ਚੱਟਾਨ ਵਾਂਗ ਖੜ੍ਹੇ ਹਨ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮਜੀਠਾ ਹਲਕੇ ਤੋਂ ਪਾਰਟੀ ਦੇ ਉਮੀਦਵਾਰ ਤਲਬੀਰ ਸਿੰਘ ਗਿੱਲ ਨੂੰ ਵੋਟਾਂ ਦੇ ਭਾਰੀ ਫਰਕ ਨਾਲ ਜਿਤਾ ਕੇ ਵਿਧਾਨ ਸਭਾ ਵਿੱਚ ਭੇਜਣਗੇ ਤਾਂ ਜੋ ਮਜੀਠਾ ਹਲਕੇ ਦੇ ਰਹਿੰਦੇ ਅਧੂਰੇ ਕੰਮ ਤਲਬੀਰ ਸਿੰਘ ਗਿੱਲ ਸਰਕਾਰ ਵਿੱਚ ਹੋ ਕੇ ਸੁਚੱਜੇ ਢੰਗ ਨਾਲ ਕਰਵਾ ਸਕਣ। ਉਨ੍ਹਾਂ ਕਿਹਾ ਕਿ ਇਸ ਰੈਲੀ ਨੂੰ ਸਫਲ ਬਣਾਉਣ ਲਈ ਤਲਬੀਰ ਸਿੰਘ ਗਿੱਲ ਵੱਲੋਂ ਹਲਕੇ ਨੂੰ ਜ਼ੋਨਾਂ 'ਚ ਵੰਡ ਕੇ ਪਿੰਡ ਪੱਧਰ 'ਤੇ ਆਪ ਦੇ ਆਗੂਆਂ ਤੇ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV

# ਸਮਾਜ ਸੇਵੀ ਸੁਭਾਸ਼ ਤੁਲੀ ਦੇ ਅਕਾਲ ਚਲਾਣੇ ਤੇ ਪਸਰੀ ਸੋਗ ਦੀ ਲਹਿਰ



ਫ਼ਿਰੋਜ਼ਪੁਰ, 15 ਜਨਵਰੀ (ਮਨੋਹਰ ਲਾਲ) :— ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪੈਟਰਨ ਸ਼੍ਰੀ ਦੇਸ਼ ਬੰਧੂ ਤੁਲੀ ਦੇ ਛੋਟੇ ਭਾਈ ਸਮਾਜ ਸੇਵੀ ਸ਼੍ਰੀ ਸੁਭਾਸ਼ ਤੁਲੀ ਦੀ ਸੰਖੇਪ ਬਿਮਾਰੀ ਉਪਰੰਤ ਹੋਈ ਮੌਤ ਤੇ ਇਲਾਕੇ ਵਿਚ ਸੋਗ ਦੀ ਲਹਿਰ ਪਸਰ ਗਈ। ਬਿਜਨੈਸਮੈਨ ਸੁਭਾਸ਼ ਤੁਲੀ ਦੀ ਮੌਤ ਤੇ ਜਿਥੇ ਵੱਡੀ ਗਿਣਤੀ ਇਲਾਕਾ ਨਿਵਾਸੀਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ, ਉਥੇ ਇਲਾਕੇ ਦੀਆਂ ਸਮਾਜ ਸੇਵੀ ਜਥੇਬੰਦੀਆਂ, ਵਕੀਲ, ਪੱਤਰਕਾਰ ਭਾਈਚਾਰੇ, ਧਾਰਮਿਕ ਸਖਸ਼ੀਅਤਾਂ ਨੇ ਦੁੱਖ ਦੀ ਘੜੀ ਵਿਚ ਸ਼ਰੀਕ ਹੁੰਦਿਆਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਬੇਨਤੀ ਕੀਤੀ। ਇਸ ਮੌਕੇ ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੇ ਪ੍ਰਧਾਨ ਪਰਦੀਪ ਧਵਨ, ਪ੍ਰੋਫੈਸਰ ਗੁਰਦੇਵ ਸਿੰਘ, ਸਤੀਸ਼ ਪੁਰੀ, ਬਲਦੇਵ ਸਚਦੇਵਾ, ਐਸ.ਐਸ ਖੇੜਾ, ਟੀ.ਆਰ ਏਰੀ, ਮਹਿੰਦਰ ਸਿੰਘ ਧਾਲੀਵਾਲ, ਸੁਭਾਸ਼ ਦੋਦਾ ਸੁਭਾਸ਼ ਚੌਧਰੀ, ਸ਼ਾਮ ਲਾਲ ਗੱਖੜ, ਅਸ਼ੋਕ ਅਪਾਹੀ, ਦੇਸ ਬੰਧੂ ਤੁਲੀ, ਯੋਗਿੰਦਰ ਨਾਥ ਕੱਕੜ, ਦਾਸ ਕੁਮਾਰ ਗੁਲਾਟੀ ਆਦਿ ਸਸਕਾਰ ਸਮੇਂ ਹਾਜਰ ਸਨ। ਇਸ ਤੋਂ ਇਲਾਵਾ ਵੱਖ—ਵੱਖ ਵਿਭਾਗਾਂ ਦੇ ਅਧਿਕਾਰੀ, ਮੁਲਾਜ਼ਮ ਅਤੇ ਪੈਨਸ਼ਨਰਜ ਨੇ ਅਫਸੋਸ ਜ਼ਾਹਰ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਮਨਰੇਗਾ ਸਕੀਮ ਬੰਦ ਕਰਨ ਦੇ ਵਿਰੋਧ 'ਚ ਯੂਥ ਕਾਂਗਰਸ ਫਿਰੋਜ਼ਪੁਰ ਸ਼ਹਿਰੀ ਦੀ ਮੀਟਿੰਗ

# 12 ਤਰੀਕ ਨੂੰ ਗੁਰੂਹਰਸਹਾਏ ਰੋਸ ਰੈਲੀ ਲਈ ਵੱਡਾ ਕਾਫ਼ਲਾ ਰਵਾਨਾ ਹੋਵੇਗਾ



ਮੱਲਾ ਵਾਲਾ ( ਸੁਖਮੰਦਰ ਸਿੰਘ ਸ਼ਾਤ)-ਯੂਥ ਕਾਂਗਰਸ ਹਲਕਾ ਫਿਰੋਜ਼ਪੁਰ ਸ਼ਹਿਰੀ ਅਤੇ ਬਲਾਕ ਸੰਮਤੀ ਮੈਂਬਰਾਂ ਦੀ ਇੱਕ ਅਹਿਮ ਮੀਟਿੰਗ ਅੱਜ ਆਯੋਜਿਤ ਕੀਤੀ ਗਈ, ਜਿਸਦੀ ਅਗਵਾਈ ਸਰਦਾਰ ਬਲੀ ਸਿੰਘ ਉਸਮਾਨ ਵਾਲਾ, ਪ੍ਰਧਾਨ ਯੂਥ ਕਾਂਗਰਸ ਹਲਕਾ ਫਿਰੋਜ਼ਪੁਰ ਸ਼ਹਿਰੀ ਵੱਲੋਂ ਕੀਤੀ ਗਈ। ਮੀਟਿੰਗ ਦਾ ਮੁੱਖ ਅਜੰਡਾ ਭਾਜਪਾ ਸਰਕਾਰ ਵੱਲੋਂ ਮਨਰੇਗਾ ਸਕੀਮ ਨੂੰ ਬੰਦ ਕਰਨ ਦੀ ਨੀਤੀ ਖ਼ਿਲਾਫ਼ ਵਿਚਾਰ-ਵਟਾਂਦਰਾ ਕਰਨਾ ਅਤੇ 12 ਤਰੀਕ ਨੂੰ ਹੋਣ ਵਾਲੀ ਰੋਸ ਰੈਲੀ ਸਬੰਧੀ ਤਿਆਰੀਆਂ ਕਰਨਾ ਸੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਰਦਾਰ ਬਲੀ ਸਿੰਘ ਉਸਮਾਨ ਵਾਲਾ ਨੇ ਕਿਹਾ ਕਿ ਮਨਰੇਗਾ ਸਕੀਮ ਗਰੀਬ ਪਰਿਵਾਰਾਂ ਦੀ ਰੋਜ਼ੀ-ਰੋਟੀ ਦਾ ਸਭ ਤੋਂ ਵੱਡਾ ਸਹਾਰਾ ਹੈ, ਪਰ ਭਾਜਪਾ ਸਰਕਾਰ ਇਸ ਸਕੀਮ ਨੂੰ ਬੰਦ ਕਰਕੇ ਗਰੀਬਾਂ ਨਾਲ ਸਿੱਧਾ ਧੱਕਾ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਮਨਰੇਗਾ ਦੇ ਬਿਨਾਂ ਨਾ ਤਾਂ ਪਿੰਡਾਂ ਦਾ ਵਿਕਾਸ ਸੰਭਵ ਹੈ ਅਤੇ ਨਾ ਹੀ ਸਰਪੰਚ ਆਪਣੇ ਪਿੰਡਾਂ ਵਿੱਚ ਵਿਕਾਸ ਕਾਰਜ ਕਰਵਾ ਸਕਣਗੇ। ਉਨ੍ਹਾਂ ਆਖਿਆ ਕਿ ਜੇ ਮਨਰੇਗਾ ਸਕੀਮ ਬੰਦ ਹੋ ਗਈ ਤਾਂ ਗਰੀਬ ਪਰਿਵਾਰਾਂ ਦੇ ਚੁੱਲ੍ਹੇ ਬੁੱਝ ਜਾਣਗੇ ਅਤੇ ਪਿੰਡਾਂ ਦਾ ਵਿਕਾਸ ਪੂਰੀ ਤਰ੍ਹਾਂ ਰੁਕ ਜਾਵੇਗਾ। ਇਸ ਲਈ ਕਾਂਗਰਸ ਪਾਰਟੀ ਮਨਰੇਗਾ ਸਕੀਮ ਦੇ ਹੱਕ ਵਿੱਚ ਡਟ ਕੇ ਸੰਘਰਸ਼ ਕਰੇਗੀ। ਸਰਦਾਰ ਬਲੀ ਸਿੰਘ ਉਸਮਾਨ ਵਾਲਾ ਨੇ ਦੱਸਿਆ ਕਿ ਕਾਂਗਰਸ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਵੱਲੋਂ ਫਿਰੋਜ਼ਪੁਰ ਜ਼ਿਲ੍ਹੇ ਦੇ ਗੁਰੂਹਰਸਹਾਏ ਵਿਖੇ ਮਨਰੇਗਾ ਸਕੀਮ ਦੇ ਹੱਕ ਵਿੱਚ ਇੱਕ ਵੱਡੀ ਰੋਸ ਰੈਲੀ ਰੱਖੀ ਗਈ ਹੈ। ਇਸ ਰੈਲੀ ਵਿੱਚ ਸ਼ਾਮਲ ਹੋਣ ਲਈ 12 ਤਰੀਕ ਨੂੰ ਫਿਰੋਜ਼ਪੁਰ ਸ਼ਹਿਰੀ ਹਲਕੇ ਵੱਲੋਂ ਵੱਧ ਤੋਂ ਵੱਧ ਗੱਡੀਆਂ ਦਾ ਕਾਫ਼ਲਾ ਸਰਦਾਰ ਪਰਮਿੰਦਰ ਸਿੰਘ ਪਿੰਕੀ ਦੀ ਅਗਵਾਈ ਹੇਠ ਗੁਰੂਹਰਸਹਾਏ ਲਈ ਰਵਾਨਾ ਹੋਵੇਗਾ। ਉਨ੍ਹਾਂ ਭਾਜਪਾ ਸਰਕਾਰ ਅਤੇ ਭਗਵੰਤ ਮਾਨ ਸਰਕਾਰ 'ਤੇ ਦੋਸ਼ ਲਗਾਉਂਦਿਆਂ ਕਿਹਾ ਕਿ ਇਹ ਸਰਕਾਰਾਂ ਗਰੀਬ ਪਰਿਵਾਰਾਂ ਅਤੇ ਸਰਪੰਚਾਂ ਨਾਲ ਧੱਕਾ ਕਰ ਰਹੀਆਂ ਹਨ। ਮਨਰੇਗਾ ਤੋਂ ਬਿਨਾਂ ਪਿੰਡਾਂ ਵਿੱਚ ਵਿਕਾਸ ਸੰਭਵ ਨਹੀਂ ਹੈ।

## ਸਾਬਕਾ ਐਮਐਲਏ ਪਰਮਿੰਦਰ ਸਿੰਘ ਪਿੰਕੀ ਦੀ ਅਗਵਾਈ ਹੇਠ ਰੋਸ ਰੈਲੀ ਲਈ ਤਿਆਰੀਆਂ ਮੁਕੰਮਲ

ਮੀਟਿੰਗ ਦੌਰਾਨ ਮੌਜੂਦ ਆਗੂਆਂ ਨੇ ਇੱਕ ਸੁਰ ਵਿੱਚ ਅਪੀਲ ਕੀਤੀ ਕਿ ਵੱਧ ਤੋਂ ਵੱਧ ਮਨਰੇਗਾ ਵਰਕਰ, ਸਰਪੰਚ, ਬਲਾਕ ਸੰਮਤੀ ਮੈਂਬਰ ਅਤੇ ਕਾਂਗਰਸ ਵਰਕਰ 12 ਤਰੀਕ ਨੂੰ ਗੁਰੂਹਰਸਹਾਏ ਰੋਸ ਰੈਲੀ ਵਿੱਚ ਸ਼ਾਮਲ ਹੋਣ।

**ਮੀਟਿੰਗ ਵਿੱਚ ਮੌਜੂਦ ਰਹੇ:** ਸੁਖਦੇਵ ਸਿੰਘ ਮੈਂਬਰ ਬਲਾਕ ਸੰਮਤੀ, ਮੰਗਾ ਸਿੰਘ ਮੈਂਬਰ ਬਲਾਕ ਸੰਮਤੀ, ਗੁਰਦਿਆਲ ਸਿੰਘ ਕਟੋਰਾ ਸਾਬਕਾ ਸਰਪੰਚ, ਪਰਮਜੀਤ ਸਿੰਘ ਪੰਮਾ ਬਾਣਾਵਾਲੀ ਸਾਬਕਾ ਸਰਪੰਚ, ਰਣਜੋਧ ਸਿੰਘ ਸਰਪੰਚ ਇਲਮੇ ਵਾਲਾ, ਕੁਲਵੰਤ ਸਿੰਘ ਸਰਪੰਚ ਗੁਲਾਮੀ ਵਾਲਾ, ਬੇਅੰਤ ਸਿੰਘ ਸਰਪੰਚ ਬਸਤੀ ਕਿਸ਼ਨ ਸਿੰਘ, ਸਰਵਨ ਸਿੰਘ ਨੰਬਰਦਾਰ ਬੱਗੇਵਾਲਾ, ਬਲਜਿੰਦਰ ਸਿੰਘ ਸਾਬਕਾ ਸਰਪੰਚ, ਹਰਦੇਵ ਸਿੰਘ ਸਰਪੰਚ ਬੰਡਾਲਾ, ਮਨਦੀਪ ਸਿੰਘ ਸਰਪੰਚ, ਗੁਰਵਿੰਦਰ ਸਿੰਘ ਸਾਬਕਾ ਸਰਪੰਚ ਕਮਾਲਾ ਬੋਦਲਾ, ਹੀਰਾ ਸਿੰਘ ਸਾਬਕਾ ਸਰਪੰਚ, ਸਲਵਿੰਦਰ ਸਿੰਘ ਕਮਾਲਾ ਬੋਦਲਾ, ਪਰਮਿੰਦਰ ਸਿੰਘ ਸਰਪੰਚ ਜੈਮਲ ਵਾਲਾ, ਗੁਰਪ੍ਰੀਤ ਸਿੰਘ ਗੋਰਾ ਸਰਪੰਚ ਚੰਦੇਵਾਲੀ, ਲਖਬੀਰ ਸਿੰਘ ਸਰਪੰਚ ਵੀਰ ਸਰਕਾਰ, ਗੁਰਜਿੰਦਰ ਸਿੰਘ ਸਾਬਕਾ ਸਰਪੰਚ, ਗੁਰਚਰਨ ਸਿੰਘ ਚੱਠੂ ਸਰਪੰਚ, ਹਰਜਿੰਦਰ ਸਿੰਘ ਚੱਠੂ, ਪਰਮਜੀਤ ਸਿੰਘ ਸਾਬਕਾ ਸਰਪੰਚ ਦੂਲੇਵਾਲਾ ਅਤੇ ਗੁਰਪ੍ਰੀਤ ਸਿੰਘ ਸਰਪੰਚ ਬਸਤੀ ਬੱਗੇਵਾਲੀ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਰਹੇ।

ਫ਼ਿਰੋਜ਼ਪੁਰ ਪੁਲਿਸ ਨੇ 4 ਕਿਲੋ 13 ਗਰਾਮ ਹੈਰੋਇਨ ਸਣੇ

# ਦੋ ਮੁਲਜ਼ਮ ਕੀਤੇ ਕਾਬੂ




ਫ਼ਿਰੋਜ਼ਪੁਰ, 15 ਜਨਵਰੀ (ਮਨੋਹਰ ਲਾਲ):— ਪੰਜਾਬ ਪੁਲਿਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ 2 ਮੁਲਜ਼ਮਾਂ ਨੂੰ ਕਾਬੂ ਕਰਕੇ ਬਰਾਮਦ ਕੀਤੀ 4 ਕਿਲੋ 13 ਗਰਾਮ ਹੈਰੋਇਨ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੀਨੀਅਰ ਕਪਤਾਨ ਪੁਲਿਸ ਭੁਪਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਇਸ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਐਸ.ਪੀ (ਡੀ) ਦੀ ਅਗਵਾਈ ਹੇਠ ਬਣੀ ਟੀਮ ਵੱਲੋਂ ਕਾਰਵਾਈ ਕਰਦੇ ਹੋਏ 21 ਸਾਲਾ ਮੁਲਜ਼ਮ ਪੋਲਸ ਪੁੱਤਰ ਮੇਜਰ ਸਿੰਘ ਅਤੇ 23 ਸਾਲਾ ਮੁਲਜ਼ਮ ਜ਼ਸਪ੍ਰੀਤ ਸਿੰਘ ਉਰਫ ਜੱਸਾ ਨੂੰ ਕਾਬੂ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਸ ਟੀਮ ਵਿਚ ਐਸ.ਡੀ.(ਡੀ), ਡੀ.ਐਸ.ਪੀ ਰੂਰਲ ਫ਼ਿਰੋਜ਼ਪੁਰ ਅਤੇ ਐਸ.ਐਚ.ਓ ਮਮਦੋਟ ਦੀਆਂ ਟੀਮਾਂ ਸ਼ਾਮਲ ਹਨ, ਜਿਨ੍ਹਾਂ ਵੱਲੋਂ ਫ਼ਿਰੋਜ਼ਪੁਰ—ਫ਼ਾਜ਼ਿਲਕਾ ਰੋਡ ਤੇ ਪੈਂਦੇ ਮਮਦੋਟ ਟੀ—ਪੁਆਇੰਟ ਤੇ ਨਾਕੇਬੰਦੀ ਦੌਰਾਨ ਉਕਤ ਦੋਵਾਂ ਮੁਲਜ਼ਮਾਂ ਨੂੰ ਕਾਬੂ ਕਰਕੇ ਮੁਕੱਦਮਾ ਨੰਬਰ 6 ਦਰਜ ਕਰਦ ਹੋਏ ਉਕਤ ਮੁਲਜ਼ਮਾਂ ਤੋਂ 4 ਕਿਲੋ 13 ਗਰਾਮ ਹੈਰੋਇਨ ਬਰਾਮਦ ਕੀਤੀ ਹੈ। ਉਨ੍ਹਾਂ ਦੱਸਿਆ ਕਿ ਪੁਲਿਸ ਟੀਮ ਵੱਲੋਂ ਇਕ ਸ਼ਾਈਨ ਮੋਟਰ ਸਾਈਕਲ ਬਿਨ੍ਹਾਂ ਨੰਬਰੀ ਵੀ ਬਰਾਮਦ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਬੂ ਕੀਤੇ ਮੁਲਜਮ ਪੋਲਸ ਵਿਰੁੱਧ ਪਹਿਲਾਂ ਵੀ ਥਾਣਾ ਮਮਦੋਟ ਵਿਖੇ ਮੁਕੱਦਮਾ ਨੰਬਰ 147 ਮਿਤੀ 16.10.2025 ਅਧੀਨ ਧਾਰਾ 25 ਆਰਮਜ ਐਕਟ, ਮੁਕੱਦਮਾ ਨੰਬਰ 59 ਮਿਤੀ 21.05.2025 ਅਧੀਨ ਧਾਰਾ 21, 29 ਐਨ.ਡੀ.ਪੀ.ਐਸ ਐਕਟ ਥਾਣਾ ਘੱਲ ਖੁਰਦ ਅਤੇ ਮੁਕੱਦਮਾ ਨੰਬਰ 236 ਮਿਤੀ 26.12.24 ਅਧੀਨ ਧਾਰਾ 125, 351(2), 191(3) ਬੀ.ਐਨ.ਐਸ 25 ਆਰਮਜ ਐਕਟ ਥਾਣਾ ਕੁਲਗੜ੍ਹੀ ਦਰਜ ਹਨ, ਜਦੋਂ ਕਿ ਮੁਲਜਮ ਜ਼ਸਪ੍ਰੀਤ ਸਿੰਘ ਉਰਫ ਜੱਸਾ ਵਿਰੁੱਧ ਪਹਿਲਾਂ ਕੋਈ ਮੁਕੱਦਮਾ ਦਰਜ ਨਹੀਂ ਹੈ।

# ਧੂਰੀ ਵਿਕਾਸ ਮੰਚ ਵੱਲੋਂ ਰੇਲਵੇ ਸਟੇਸ਼ਨ 'ਤੇ ਇਲੈਕਟ੍ਰਾਨਿਕ ਲਿਫਟ ਲਗਾਉਣ ਦੀ ਮੰਗ ਸਟੇਸ਼ਨ ਸੁਪਰਡੈਂਟ ਨੂੰ ਸੌਂਪਿਆ ਮੰਗ ਪੱਤਰ



**ਸੰਗਾਲਾ (ਰਣਜੀਤ ਸਿੰਘ ਪੇਧਨੀ )**-ਧੂਰੀ ਹਲਕੇ ਦੀ ਬੇਹਤਰੀ ਅਤੇ ਮੰਗਾਂ, ਮੁਸ਼ਕਲਾ ਦੇ ਹੱਲ ਲਈ ਲਗਾਤਾਰ ਯਤਨਸ਼ੀਲ, ਗੈਰ ਸਿਆਸੀ ਜੱਥੇਬੰਦੀ 'ਧੂਰੀ ਵਿਕਾਸ ਮੰਚ (ਰਜਿ.)' ਵੱਲੋਂ ਅੱਜ ਸਥਾਨਕ ਰੇਲਵੇ ਸਟੇਸ਼ਨ ਵਿਖੇ ਮੁਸਾਫ਼ਰਾਂ ਦੀ ਸਹੂਲਤ ਲਈ ਇਲੈਕਟ੍ਰਾਨਿਕ ਲਿਫਟ ਲਗਾਉਣ ਦੀ ਮੰਗ ਨੂੰ ਲੈ ਕੇ ਜਨਰਲ ਮੈਨੇਜਰ, ਉੱਤਰ ਰੇਲਵੇ ਦੇ ਨਾਂ ਇੱਕ ਮੰਗ ਪੱਤਰ ਸਟੇਸ਼ਨ ਸੁਪਰਡੈਂਟ ਧੂਰੀ ਨੂੰ ਸੌਂਪਿਆ ਗਿਆ। ਇਸ ਮੌਕੇ ਮੰਚ ਦੇ ਚੇਅਰਮੈਨ ਜਗਸੀਰ ਸਿੰਘ ਜੱਗੀ ਢੀਂਡਸਾ, ਉੱਪ ਚੇਅਰਮੈਨ ਐਡਵੋਕੇਟ ਰਾਜੇਸ਼ਵਰ ਚੌਧਰੀ, ਪ੍ਰਧਾਨ ਅਮਨ ਗਰਗ, ਸਕੱਤਰ ਜਨਰਲ ਹੰਸ ਰਾਜ ਬਜਾਜ ਅਤੇ ਮੀਡੀਆ ਸਕੱਤਰ ਮਨੋਹਰ ਸਿੰਘ ਸੱਗੂ ਨੇ ਰੇਲਵੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਕਿ ਧੂਰੀ ਰੇਲਵੇ ਸਟੇਸ਼ਨ ਪੰਜਾਬ ਦਾ ਇੱਕ ਅਹਿਮ ਜੰਕਸ਼ਨ ਹੈ, ਜਿੱਥੋਂ ਰੋਜ਼ਾਨਾ ਹਜ਼ਾਰਾਂ ਦੀ ਗਿਣਤੀ ਵਿੱਚ ਮੁਸਾਫ਼ਰ ਗੁਜ਼ਰਦੇ ਹਨ। ਪਰ ਸਟੇਸ਼ਨ ਦੇ ਇੱਕ ਪਲੇਟਫਾਰਮ ਤੋਂ ਦੂਜੇ ਪਲੇਟਫਾਰਮ 'ਤੇ ਜਾਣ ਲਈ ਲਿਫਟ ਦੀ ਸਹੂਲਤ ਨਾ ਹੋਣ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਮੰਚ ਦੇ ਮੈਂਬਰਾਂ ਨੇ ਦੱਸਿਆ ਕਿ ਸਟੇਸ਼ਨ ਦੀਆਂ ਉੱਚੀਆਂ ਅਤੇ ਤੰਗ ਪੌੜੀਆਂ ਚੜ੍ਹਨਾ ਬਜ਼ੁਰਗਾਂ, ਦਿਵਿਆਂਗਾਂ, ਗਰਭਵਤੀ ਔਰਤਾਂ ਅਤੇ ਬਿਮਾਰ ਮਰੀਜ਼ਾਂ ਲਈ ਕਿਸੇ ਸਜ਼ਾ ਤੋਂ ਘੱਟ ਨਹੀਂ ਹੈ। ਭਾਰੀ ਸਮਾਨ ਚੁੱਕੀ ਫਿਰਦੇ ਮੁਸਾਫ਼ਰਾਂ ਲਈ ਵੀ ਇਹ ਪੌੜੀਆਂ ਹਾਦਸਿਆਂ ਦਾ ਸਬੱਬ ਬਣ ਰਹੀਆਂ ਹਨ। ਉਨ੍ਹਾਂ ਕਿਹਾ ਕਿ ਕਈ ਵਾਰ ਬਜ਼ੁਰਗ ਮੁਸਾਫ਼ਰ ਪੌੜੀਆਂ ਚੜ੍ਹਨ ਤੋਂ ਅਸਮਰੱਥ ਹੋਣ ਕਾਰਨ ਆਪਣੀ ਗੱਡੀ ਤੱਕ ਸਮੇਂ ਸਿਰ ਨਹੀਂ ਪਹੁੰਚ ਪਾਉਂਦੇ। ਧੂਰੀ ਵਿਕਾਸ ਮੰਚ ਨੇ ਮੰਗ ਕੀਤੀ ਕਿ ਭਾਰਤ ਸਰਕਾਰ ਦੀ 'ਸੁਗਮ ਭਾਰਤ ਅਭਿਆਨ' ਨੀਤੀ ਤਹਿਤ ਜਨਤਕ ਥਾਵਾਂ ਨੂੰ ਰੁਕਾਵਟ ਮੁਕਤ ਬਣਾਇਆ ਜਾਵੇ ਅਤੇ ਧੂਰੀ ਸਟੇਸ਼ਨ 'ਤੇ ਤੁਰੰਤ ਇਲੈਕਟ੍ਰਾਨਿਕ ਲਿਫਟਾਂ ਸਥਾਪਿਤ ਕੀਤੀਆਂ ਜਾਣ। ਸਟੇਸ਼ਨ ਸੁਪਰਡੈਂਟ ਨੇ ਮੰਗ ਪੱਤਰ ਪ੍ਰਾਪਤ ਕਰਦਿਆਂ ਭਰੋਸਾ ਦਿੱਤਾ ਕਿ ਇਹ ਮੰਗ ਉੱਚ ਅਧਿਕਾਰੀਆਂ ਤੱਕ ਪਹੁੰਚਾਈ ਜਾਵੇਗੀ।

# ਪਵਿੱਤਰ ਮਾਘੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ



ਫ਼ਿਰੋਜ਼ਪੁਰ, 15 ਜਨਵਰੀ (ਮਨੋਹਰ ਲਾਲ):— ਗੁਰਦੁਆਰਾ ਮਾਈ ਰਾਮਦੇਵੀ ਜੀ ਵਿਖੇ ਪਵਿੱਤਰ ਮਾਘੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਸ੍ਰੀ ਅਸ਼ਵਨੀ ਕੁਮਾਰ ਜੇਠੀ ਅਤੇ ਸਵਰਗੀ ਸਰਦਾਰ ਭਗਵਾਨ ਸਿੰਘ ਯੂ.ਐਸ.ਏ ਦੇ ਪਰਿਵਾਰਾਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਗਏ, ਪਾਠ ਉਪਰੰਤ ਭਾਈ ਅਵਤਾਰ ਸਿੰਘ ਫੌਜੀ ਵੱਲੋਂ ਸੰਗਤਾਂ ਨੂੰ ਕਥਾ ਕੀਰਤਨ ਨਾਲ ਜੋੜਿਆ ਗਿਆ। ਜਾਣਕਾਰੀ ਸਾਂਝੀ ਕਰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ ਸਰਦਾਰ ਭਗਵਾਨ ਸਿੰਘ ਯੂ.ਐਸ.ਏ ਦੇ ਪਰਿਵਾਰ ਵੱਲੋਂ ਤਕਰੀਬਨ ਹਰ ਸਾਲ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਵਾਏ ਜਾਂਦੇ ਹਨ, ਉਪਰੰਤ ਲੰਗਰ ਦੀ ਸੇਵਾ ਵੀ ਕੀਤੀ ਜਾਂਦੀ ਹੈ ਅਤੇ ਇਹ ਸਾਰੀ ਸੇਵਾ ਦੀ ਜਿੰਮੇਵਾਰੀ ਸ਼ੇਰੇ ਪੰਜਾਬ ਟੈਂਟ ਵਾਲੇ ਭਾਈ ਸਾਹਿਬ ਪ੍ਰਤਿਪਾਲ ਸਿੰਘ ਦੀ ਹੁੰਦੀ ਹੈ। ਉਨ੍ਹਾਂ ਦੱਸਿਆ ਕਿ ਗੁਰੂ ਘਰ ਦੇ ਸੇਵਕ ਪ੍ਰਤਿਪਾਲ ਸਿੰਘ ਇਹ ਸੇਵਾ ਬੜੀ ਮਨ ਤੇ ਚਾਉ ਨਾਲ ਕਰਦੇ ਹਨ ।ਉਨ੍ਹਾਂ ਦੱਸਿਆ ਕਿ ਪਰਿਵਾਰ ਵੱਲੋਂ ਸਰਦਾਰ ਭਗਵਾਨ ਸਿੰਘ ਅਤੇ ਬੀਬੀ ਪ੍ਰਕਾਸ਼ ਕੌਰ ਦੀ ਯਾਦ ਵਿੱਚ ਪਾਠ ਕਰਵਾਏ ਜਾਂਦੇ ਹਨ ।ਸਮਾਪਤੀ ਉਪਰੰਤ ਭਾਈ ਸਾਹਿਬ ਪ੍ਰਤਿਪਾਲ ਸਿੰਘ ਨੂੰ ਅਤੇ ਅਸ਼ਵਨੀ ਕੁਮਾਰ ਜੇਠੀ ਪਰਿਵਾਰਾਂ ਨੂੰ ਸਤਿਗੁਰੂ ਜੀ ਦੀ ਬਖਸ਼ਿਸ਼ ਸਿਰਪਾਉ ਸਾਹਿਬ ਦਿੱਤੇ ਗਏ। ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਹਰਦੀਪ ਸਿੰਘ ਭੱਲਾ, ਪਸ਼ਿਵੰਦਰ ਸਿੰਘ ਪਾਪੜਾਂ ਵਾਲੇ, ਸਰਬਜੀਤ ਸਿੰਘ ਪਾਪੜਾਂ ਵਾਲੇ, ਅਜੇ ਮੌਂਗਾ ਬੱਲੀ, ਸੋਨੂੰ ਬਾਵਾ, ਐਨ ਵਧਵਾ ਸ਼ੇਰ ਜਗਜੀਤ ਸਿੰਘ, ਪੱਪੂ ਸੋਢੀ, ਬੀਬੀ ਜਸਵੰਤ ਕੌਰ, ਨੀਰੂ ਵਧਵਾ, ਮਮਤਾ ਗਰੋਵਰ, ਆਸ਼ਾ ਰਾਣੀ, ਪਿਆਰਾ ਲਾਲ, ਸੰਜੇ ਚਾਨਣਾ, ਤੇਜਿੰਦਰ ਸਿੰਘ, ਜਸਬੀਰ ਸਿੰਘ, ਸੁਖਵੰਤ ਸਿੰਘ ਤੋਂ ਇਲਾਵਾ ਕਈ ਹੋਰ ਮੈਂਬਰ ਹਾਜ਼ਰ ਸਨ।

## ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਚ ਕਰਵਾਏ ਧਾਰਮਿਕ ਸਮਾਗਮ



ਫ਼ਿਰੋਜ਼ਪੁਰ, 15 ਜਨਵਰੀ (ਮਨੋਹਰ ਲਾਲ):— ਫਿਰੋਜ਼ਪੁਰ ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵੱਲੋਂ ਮਾਘੀ ਦੇ ਸ਼ੁਭ ਦਿਹਾੜੇ ਤੇ ਕਰਵਾਏ ਸਮਾਗਮਾਂ ਦੌਰਾਨ ਸਕੂਲੀ ਬੱਚਿਆਂ ਨੇ ਗੁਰਬਾਣੀ ਦਾ ਕੀਤਾ ਜਾਪ। ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਇਸ ਚੇਅਰਮੈਨ ਵਿਭੋਰ ਸ਼ਰਮਾ, ਜਰਨਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਰਹਿਨੁਮਾਈ ਹੇਏ ਇਨ੍ਹਾਂ ਸਮਾਗਮਾਂ ਦੌਰਾਨ ਸਕੂਲ ਕੈਂਪਸ ਵਿਚ ਮੂਲ ਮੰਤਰ ਦਾ ਪਾਠ ਅਤੇ ਵਾਹਿਗੁਰੂ ਦੇ ਜਾਪ ਦਾ ਪਾਠ ਉਚਾਰਨ ਕੀਤਾ ਗਿਆ। ਇਸ ਮੌਕੇ ਤੇ ਸਕੂਲ ਦੇ ਵਿਦਿਆਰਥੀ, ਅਧਿਆਪਕ ਸਾਹਿਬਾਨ ਅਤੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਵੀ ਮੌਜੂਦ ਸਨ ਅਤੇ ਸਾਰਿਆਂ ਵੱਲੋਂ ਮਿਲ ਕੇ ਪਾਠ ਦਾ ਉਚਾਰਨ ਕੀਤਾ ਗਿਆ। ਸਕੂਲ ਪ੍ਰਿੰਸੀਪਲ ਰੇਖਾ ਪਾਸੀ ਦੁਆਰਾ ਵਿਦਿਆਰਥੀਆਂ ਨੂੰ 40 ਮੁਕਤਿਆਂ ਦੀ ਸ਼ਹੀਦੀ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਗਈ, ਉਨ੍ਹਾਂ ਬੱਚਿਆਂ ਨੂੰ ਇਸ ਮਾਘੀ ਦੇ ਪਵਿੱਤਰ ਦਿਹਾੜੇ ਅਤੇ ਇਸ ਪਵਿੱਤਰ ਮਹੀਨੇ ਵਿੱਚ ਨਾਮ ਜਪਣ ਅਤੇ ਪਾਠ ਕਰਨ ਦਾ ਮਹੱਤਵ ਵੀ ਦੱਸਿਆ।

ਮੁੱਖ ਮੰਤਰੀ ਭਗਵੰਤ ਮਾਨ ਨੂੰ ਅਕਾਲ ਤਖ਼ਤ ਵੱਲੋਂ ਸਪਸ਼ਟੀਕਰਨ ਲਈ ਬੁਲਾਇਆ ਗਿਆ

# ਮੁੱਖ ਮੰਤਰੀ ਭਗਵੰਤ ਮਾਨ ਨੂੰ ਜਥੇਦਾਰ ਨੇ ਸੌਂਪੀ ਰਹਿਤ ਮਰਿਆਦਾ ਦੀ ਕਾਪੀ





**ਅੰਮ੍ਰਿਤਸਰ, 15ਜਨਵਰੀ (ਇਕਬਾਲ ਸਿੰਘ ਤੁੰਗ)**-ਅੱਜ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪੇਸ਼ੀ ਭੁਗਤਣ ਵਾਸਤੇ ਪਹੁੰਚੇ । ਪੇਸ਼ੀ ਦੌਰਾਨ ਜਥੇਦਾਰ ਅਤੇ ਮੁੱਖ ਮੰਤਰੀ ਵਿੱਚ ਲੰਬੀਆਂ ਵਿਚਾਰਾਂ ਚੱਲੀਆਂ।ਸ੍ਰੀ ਅਕਾਲ ਤਖ਼ਤ ਸਕੱਤਰੇਤ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ ਗਿਆਨੀ ਕੁਲਦੀਪ ਸਿੰਘ ਗੜਗੱਜ, ਕਾਰਜਕਾਰੀ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਨੇ ਕਿਹਾ ਕਿ ਸਿੱਖ ਧਰਮ ਇੱਕ ਵਿਲੱਖਣ ਧਰਮ ਹੈ ਜੋ ਸਰਬੱਤ ਦੇ ਭਲੇ ਅਤੇ ਭਾਈਚਾਰੇ ਦੀ ਸਿੱਖਿਆ ਦਿੰਦਾ ਹੈ। ਉਨ੍ਹਾਂ ਦੱਸਿਆ ਕਿ ਹਰ ਇਨਸਾਨ ਤੋਂ ਜਾਣਬੁੱਝ ਕੇ ਜਾਂ ਅਣਜਾਣੇ ਵਿੱਚ ਗਲਤੀ ਹੋ ਸਕਦੀ ਹੈ ਅਤੇ ਜੇ ਕੋਈ ਨਿਸ਼ਚਾਵਾਨ ਸਿੱਖ ਗਲਤੀ ਕਰੇ, ਤਾਂ ਉਸਦੀ ਰਹਿਨੁਮਾਈ ਕਰਨਾ ਅਤੇ ਸਹੀ ਰਾਹ 'ਤੇ ਲਿਆਉਣਾ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਜ਼ਿੰਮੇਵਾਰੀ ਹੈ। ਜਥੇਦਾਰ ਗੜਗੱਜ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਆਪਣੇ ਤਾਜ਼ਾ ਬਿਆਨਾਂ ਅਤੇ ਵੀਡੀਓਜ਼ ਸਬੰਧੀ ਆਪਣਾ ਪੱਖ ਸਪੱਸ਼ਟ ਕਰਨ ਲਈ ਬੁਲਾਇਆ ਗਿਆ ਸੀ। ਇਸ ਮਾਮਲੇ 'ਤੇ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਬੁਲਾਈ ਜਾਵੇਗੀ ਅਤੇ ਉਚਿਤ ਫ਼ੈਸਲਾ ਉਥੇ ਲਿਆ ਜਾਵੇਗਾ। ਸੋਸ਼ਲ ਮੀਡੀਆ 'ਤੇ ਵਾਇਰਲ ਹੋਈ ਇੱਕ ਵੀਡੀਓ, ਜਿਸ ਵਿੱਚ ਸਿੱਖ ਮਰਿਆਦਾ ਦੀ ਬੇਅਦਬੀ ਦੇ ਦੋਸ਼ ਲੱਗ ਰਹੇ ਹਨ, ਦੀ ਪ੍ਰਮਾਣਿਕਤਾ ਦੀ ਵੀ ਜਾਂਚ ਕੀਤੀ ਜਾਵੇਗੀ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨਾਲ ਹੋਈ ਮੀਟਿੰਗ ਸੁਹਾਵਣੇ ਅਤੇ ਸਦਭਾਵਨਾ ਭਰੇ ਮਾਹੌਲ ਵਿੱਚ ਹੋਈ।ਮੁੱਖ ਮੰਤਰੀ ਨੇ ਆਪਣੇ ਕੁਝ ਪਿਛਲੇ ਬਿਆਨਾਂ ਨੂੰ ਗਲਤੀ ਮੰਨਿਆ ਹੈ ਅਤੇ ਇਹ ਵੀ ਸਵੀਕਾਰ ਕੀਤਾ ਹੈ ਕਿ ਸਿੱਖ ਮਰਿਆਦਾ ਬਾਰੇ ਪੂਰੀ ਜਾਣਕਾਰੀ ਦੇ ਬਗੈਰ ਧਾਰਮਿਕ ਮਸਲਿਆਂ 'ਤੇ ਬਿਆਨ ਨਹੀਂ ਦੇਣਾ ਚਾਹੀਦਾ। ਭਵਿੱਖ ਵਿੱਚ ਅਜਿਹੀ ਗਲਤੀ ਨਾ ਕਰਨ ਦਾ ਭਰੋਸਾ ਵੀ ਦਿੱਤਾ ਗਿਆ ਹੈ।

ਗਿਆਨੀ ਗੜਗੱਜ ਨੇ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਆਗੂ ਦਸਤਾਵੇਜ਼ਾਂ ਦਾ ਇੱਕ ਥੈਲਾ ਅਕਾਲ ਤਖ਼ਤ ਸਕੱਤਰੇਤ ਦੇ ਇੰਚਾਰਜ ਬਗੀਚਾ ਸਿੰਘ ਨੂੰ ਸੌਂਪ ਗਏ ਹਨ।

ਉਨ੍ਹਾਂ ਕਿਹਾ ਕਿ ਕੋਈ ਵੀ ਪਵਿੱਤਰ ਪਾਵਨ ਸਰੂਪ ਗੈਰਕਾਨੂੰਨੀ ਤੌਰ 'ਤੇ ਜਾਰੀ ਨਹੀਂ ਕੀਤਾ ਗਿਆ। ਮਾਮਲਾ ਸਿੱਖ ਧਰਮ ਨਾਲ ਜੁੜਿਆ ਹੋਣ ਕਰਕੇ ਇਸਨੂੰ ਪੂਰੀ ਸੰਵੇਦਨਸ਼ੀਲਤਾ ਨਾਲ ਨਿਪਟਾਇਆ ਜਾਣਾ ਚਾਹੀਦਾ ਹੈ। ਬੇਅਦਬੀ ਦੇ ਮਾਮਲਿਆਂ ਲਈ ਸਖ਼ਤ ਕਾਨੂੰਨ ਬਣਾਉਣ ਦੀ ਲੋੜ 'ਤੇ ਵੀ ਉਨ੍ਹਾਂ ਜ਼ੋਰ ਦਿੱਤਾ ਅਤੇ ਦੱਸਿਆ ਕਿ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਦੀ ਤਾਰੀਖ਼ ਜਲਦ ਐਲਾਨੀ ਜਾਵੇਗੀ।

ਜਥੇਦਾਰ ਗੜਗੱਜ ਨੇ ਦੋਹਰਾਇਆ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਰਵੱਚ ਹੈ ਅਤੇ ਕੋਈ ਵੀ ਇਸਦੀ ਅਥਾਰਟੀ ਨੂੰ ਚੁਣੌਤੀ ਨਹੀਂ ਦੇ ਸਕਦਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਵੀ ਪੂਰੇ ਦਿਲੋਂ ਅਕਾਲ ਤਖ਼ਤ ਦੀ ਅਥਾਰਟੀ ਨੂੰ ਸਵੀਕਾਰ ਕਰਦੇ ਹਨ। ਮੀਡੀਆ ਦੇ ਸਵਾਲ 'ਤੇ ਉਨ੍ਹਾਂ ਸਪੱਸ਼ਟ ਕੀਤਾ ਕਿ ਸਿੱਖ ਧਾਰਮਿਕ ਮਸਲਿਆਂ 'ਤੇ ਕਿਸੇ ਨੂੰ ਵੀ ਅਕਾਲ ਤਖ਼ਤ ਸਕੱਤਰੇਤ ਵਿੱਚ ਬੁਲਾਇਆ ਜਾ ਸਕਦਾ ਹੈ, ਪਰ ਸ੍ਰੀ ਅਕਾਲ ਤਖ਼ਤ ਦੀ ਫ਼ਸੀਲ ਅੰਦਰ ਕੇਵਲ ਗੁਰਸਿੱਖ ਨੂੰ ਹੀ ਪੇਸ਼ ਹੋਣ ਲਈ ਕਿਹਾ ਜਾਂਦਾ ਹੈ।

ਅੰਤ ਵਿੱਚ ਉਨ੍ਹਾਂ ਮੀਡੀਆ ਨੂੰ ਅਪੀਲ ਕੀਤੀ ਕਿ ਸਿੱਖ ਧਾਰਮਿਕ ਮਸਲਿਆਂ ਨੂੰ ਸਨਸਨੀਖੇਜ਼ ਨਾ ਬਣਾਇਆ ਜਾਵੇ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਨੇ ਭਵਿੱਖ ਵਿੱਚ ਸਿੱਖ ਧਰਮ ਦੇ ਅੰਦਰੂਨੀ ਮਸਲਿਆਂ 'ਤੇ ਬਿਆਨ ਨਾ ਦੇਣ ਦਾ ਭਰੋਸਾ ਦਿੱਤਾ ਹੈ। ਯਿਗਰਜੋਗ ਹੈ ਕਿ ਠੀਕ 11 ਵੱਜੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸ੍ਰੀ ਹਰਿਮੰਦਰ ਸਾਹਿਬ ਵਿੱਖੇ ਪਹੁੰਚ ਗਏ ਪਹਿਲਾ ਪ੍ਰਕਰਮਾ ਕੀਤੀ ਫੇਰ ਸ੍ਰੀ ਅਕਾਲ ਤਖਤ ਸਾਹਿਬ ਵਿੱਖੇ ਨਤਮਸਤਕ ਹੋਏ ਉਪਰੰਤ 11,35 ਤੇ ਸਕੱਤਰੇਤ ਅੰਦਰ ਪੇਸ਼ ਹੋਣ ਲਈ ਗਏ ਅਤੇ 12,45 ਤੇ ਪੇਸ਼ ਹੋਣ ਉਪਰੰਤ ਫੇਰ ਅੰਦਰ ਪ੍ਰਕਰਮਾ ਵਿੱਚ ਹੁੰਦੇ ਹੋਏ ਘੰਟਾ ਘਰ ਦਰਵਾਜ਼ੇ ਰਾਹੀ ਬਾਹਰ ਆਏ ਪ੍ਰੈਸ ਕਾਨਫਰੰਸ ਵਿੱਚ ਸ਼ਾਮਲ ਹੋਣ ਉਪਰੰਤ ਕਿਹਾ ਕਿ ਸ੍ਰੀ ਅਕਾਲ ਤਖਤ ਸਾਹਿਬ ਤੋਂ ਜੋ ਉਹ ਵੀ ਮੈਨੂੰ ਹੁਕਮ ਹੋਇਆ ਸੀ ਮੈਂ ਉਸ ਸਬੰਧੀ ਆਪਣਾ ਸਪਸ਼ਟੀਕਰਨ ਦੇ ਚੁੱਕਾ ਹਾਂ ਅਤੇ ਮੈਂ ਸਦਾ ਹੀ ਸ੍ਰੀ ਅਕਾਲ ਤਖਤ ਸਾਹਿਬ ਦਾ ਰਿਣੀ ਹਾਂ। 328 ਪਾਵਨ ਸਰੂਪਾਂ ਦੇ ਮਾਮਲੇ ਵਿੱਚ ਉਹਨਾਂ ਨੇ ਕਿਹਾ ਕਿ ਅਸੀਂ ਜੋ ਭਰੋਸੇਯੋਗ ਐਸ ਆਈ ਟੀ ਤਿਆਰ ਕੀਤੀ ਹੈ ਜਿਸ ਨਾਲ ਅਸੀਂ ਸੰਭਾਵਨਾ ਰੱਖਦੇ ਹਾਂ ਕਿ ਛੇਤੀ ਹੀ ਅਸੀਂ 328 ਪਾਵਨ ਸਰੂਪਾਂ ਦਾ ਮਾਮਲਾ ਲੋਕਾਂ ਸਾਹਮਣੇ ਰੱਖਾਂਗੇ।

ਦਿੱਲੀ ਕਮੇਟੀ ਦਾ ਮੌਜੂਦਾ ਪ੍ਰਬੰਧਕੀ ਕਾਰਜਕਾਲ ਸਮਾਪਤ ਹੋਣ ਤੇ ਉਪਰਾਜਪਾਲ ਹੋਰ ਸਮਾਂ ਨਾ ਵਧਾਉਣ

# ਚੋਣਾਂ ਦਾ ਕਰਨ ਐਲਾਨ: ਪਰਮਜੀਤ ਸਿੰਘ ਵੀਰਜੀ



ਨਵੀਂ ਦਿੱਲੀ 15 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- 22 ਜਨਵਰੀ 2026 ਨੂੰ ਦਿੱਲੀ ਗੁਰਦੁਆਰਾ ਕਮੇਟੀ ਦਾ ਮੌਜੂਦਾ ਪ੍ਰਬੰਧਕੀ ਕਾਰਜਕਾਲ ਸਮਾਪਤ ਹੋ ਰਿਹਾ ਹੈ। ਨਿਯਮਾਂ ਅਨੁਸਾਰ ਹੁਣ ਤੱਕ ਚੋਣਾਂ ਦੀ ਤਾਰੀਖ਼ ਦਾ ਐਲਾਨ ਹੋ ਜਾਣਾ ਚਾਹੀਦਾ ਸੀ, ਪਰ ਸਮੇਂ 'ਤੇ ਕੋਈ ਕਾਰਵਾਈ ਨਹੀਂ ਕੀਤੀ ਜਾਣ ਕਰਕੇ ਚੋਣਾਂ ਦਾ ਐਲਾਨ ਨਹੀਂ ਹੋ ਸਕਿਆ ਹੈ ਤੇ ਇਹ ਚਿੰਤਾ ਦਾ ਵਿਸ਼ਾ ਹੈ ਕਿ ਸਿੱਖਾਂ ਦੇ ਮਾਮਲਿਆਂ ਅੰਦਰ ਸਰਕਾਰਾਂ ਅਵੇਸਲੀਆਂ ਕਿਉਂ ਹੁੰਦੀਆਂ ਹਨ । ਇੰਨ੍ਹਾ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਗੁਰੂਬਾਣੀ ਰਿਸਰਚ ਫਾਉਂਡੇਸ਼ਨ ਦੇ ਚੇਅਰਮੈਨ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੀ ਧਰਮ ਪ੍ਰਚਾਰ ਵਿੰਗ ਦੇ ਸਾਬਕਾ ਕੋ ਚੇਅਰਮੈਨ ਸਰਦਾਰ ਪਰਮਜੀਤ ਸਿੰਘ ਵੀਰਜੀ ਨੇ ਮੌਜੂਦਾ ਕਮੇਟੀ ਦੇ ਪ੍ਰਬੰਧਕ ਮੈਂਬਰਾਂ ਉਪਰ ਗੰਭੀਰ ਸੁਆਲ ਚੁੱਕਦਿਆਂ ਕਿਹਾ ਕਿ ਅੱਜ ਜਦੋਂ ਸੱਤਾ ਹੱਥੋਂ ਜਾਂਦੀ ਨਜ਼ਰ ਆ ਰਹੀ ਹੈ, ਤਾਂ ਇਹ ਲੋਕ ਦਿੱਲੀ ਦੇ ਉਪ-ਰਾਜਪਾਲ ਜੀ ਕੋਲੋਂ 3 ਮਹੀਨੇ ਦਾ ਵਾਧਾ ਮੰਗ ਰਹੇ ਹਨ। ਉਨ੍ਹਾਂ ਕਿਹਾ ਕਮੇਟੀ ਪ੍ਰਬੰਧਕ ਦਸਣ ਉਨ੍ਹਾਂ ਬੀਤੇ ਚਾਰ ਵਰਿਆਂ ਅੰਦਰ ਪੰਥ ਲਈ ਕਿਹੜਾ ਸ਼ਲਾਘਾਯੋਗ ਕੰਮ ਕੀਤਾ ਹੈ । ਕਿ ਕੋਈ ਅਸਪਤਾਲ ਬਣਵਾਇਆ..? ਕਿ ਕੋਈ ਨਵਾਂ ਸਕੂਲ/ ਕਾਲਜ ਹੋਂਦ ਵਿਚ ਲਿਆਂਦਾ ਗਿਆ..? ਬਹੁਤ ਸਾਰੇ ਉੱਠ ਰਹੇ ਹਨ ਜਿਨ੍ਹਾਂ ਬਾਰੇ ਸਮੇਂ ਸਮੇਂ ਤੇ ਤੁਹਾਡੇ ਕੋਲੋਂ ਜੁਆਬ ਮੰਗਿਆ ਜਾਏਗਾ । ਜਦਕਿ ਹੱਕੀਕਤ ਇਹ ਹੈ ਕਿ ਕਮੇਟੀ ਪ੍ਰਬੰਧ ਹੇਠ ਚਲ ਰਹੇ ਬਹੁਤੇ ਸਕੂਲਾਂ ਵਿਚ ਵਿਦਿਆਰਥੀ ਗਿਣਤੀ ਦੇ ਰਹਿ ਗਏ ਹਨ ਤੇ ਸਕੂਲਾਂ ਉਪਰ ਭਾਰੀ ਭਰਕਮ ਬਕਾਇਆ ਖੜਾ ਹੋ ਗਿਆ ਹੈ ਜਿਸ ਕਰਕੇ ਮਾਮਲਾ ਅਦਾਲਤ ਵਿਚ ਪਹੁੰਚਣ ਕਰਕੇ ਅਦਾਲਤ ਵਲੋਂ ਕਮੇਟੀ ਦੀ ਕੁਝ ਜਾਇਦਾਦ ਦੀ ਕੀਮਤ ਲਗਾਣ ਵਾਸਤੇ ਆਦੇਸ਼ ਜਾਰੀ ਕੀਤੇ ਹੋਏ ਹਨ। ਉਨ੍ਹਾਂ ਕਿਹਾ ਇਹ ਤੁਹਾਡੀ ਪ੍ਰਾਪਤੀ ਹੈ ਕਿ ਤੁਹਾਡੀ ਪ੍ਰਬੰਧਕੀ ਅਧੀਨ ਕੁਝ ਸਕੂਲ ਅਤੇ ਕਾਲਜ ਬੰਦ ਹੋ ਗਏ ਹਨ ਤੇ ਕੌਮ ਦਾ ਸਰਮਾਇਆ ਭਾਰੀ ਕਰਜੇ ਕਰਕੇ ਕੁਰਕ ਹੋਣ ਤੇ ਆ ਗਿਆ ਹੈ । ਉਨ੍ਹਾਂ ਧਰਮ ਪ੍ਰਚਾਰ ਬਾਰੇ ਗੱਲ ਕਰਦਿਆਂ ਕਿਹਾ ਕਿ ਧਰਮ ਪ੍ਰਚਾਰ ਮੁੱਖੀ ਗੂੰਗਾ ਹੈ ਉਨ੍ਹਾਂ ਪੰਥ ਲਈ ਪ੍ਰਚਾਰ ਕਿਦਾਂ ਕੀਤਾ ਜਾਂਦਾ ਹੈ ਬਾਰੇ ਕੁਝ ਪਤਾ ਹੀ ਨਹੀਂ ਹੈ । ਉਨ੍ਹਾਂ ਕਿਹਾ ਜਦੋ ਸ਼ਤਾਬਦੀਆਂ ਦੇ ਸਮਾਗਮ ਤਕ ਧਰਮ ਪ੍ਰਚਾਰ ਵਲੋਂ ਨਹੀਂ ਕਰਵਾਏ ਜਾ ਸਕੇ ਤੇ ਓਹ ਵੀ ਸਰਕਾਰ ਵਲੋਂ ਕਰਵਾਏ ਗਏ ਇਸ ਤੋਂ ਵੱਧ ਪੰਥ ਲਈ ਸ਼ਰਮਿੰਦਗੀ ਦੀ ਹੋਰ ਕੀ ਗੱਲ ਹੋ ਸਕਦੀ ਹੈ । ਉਨ੍ਹਾਂ ਕਿਹਾ ਮੇਰੀ ਉਪ-ਰਾਜਪਾਲ ਨੂੰ ਅਪੀਲ ਹੈ ਕਿ ਐਸੀ ਕਮੇਟੀ ਨੂੰ ਉਨ੍ਹਾਂ ਦੇ ਕਾਰਜਕਾਲ ਦੇ ਸਮੇਂ ਦੀ ਮਿਆਦ ਵਿਚ ਕਿਸੇ ਵੀ ਤਰ੍ਹਾਂ ਦਾ ਵਾਧਾ ਨਾ ਦਿੱਤਾ ਜਾਵੇ। ਨਾਲ ਹੀ, ਸੰਗਤ ਕੋਲ ਵੀ ਅਪੀਲ ਹੈ ਕਿ ਇਨ੍ਹਾਂ ਦੀ ਨੀਅਤ ਨੂੰ ਸਮਝਣ, ਵੱਧ ਤੋਂ ਵੱਧ ਗਿਣਤੀ ਵਿੱਚ ਵੋਟ ਬਣਵਾਉਣ ਅਤੇ ਪੰਥ ਹਿਤ ਵਿੱਚ ਆਪਣਾ ਯੋਗਦਾਨ ਪਾਉਣ। ਕਿਉਕਿ ਇਹ ਵੋਟਾਂ ਘੱਟ ਬਣ ਰਹੀਆਂ ਹਨ ਦਾ ਬਹਾਨਾ ਬਣਾ ਕੇ ਕਮੇਟੀ ਤੇ ਕਾਬਿਜ ਰਹਿਣਾ ਚਾਹੁੰਦੇ ਹਨ ਤੇ ਆਪ ਜੀ ਇੰਨ੍ਹਾ ਦੇ ਕਾਰਜਕਾਲ ਦੀਆਂ ਪ੍ਰਾਪਤੀਆਂ ਬਾਰੇ ਭਲੀ ਭਾਂਤ ਜਾਣੂ ਹੋ ਚੁੱਕੇ ਹੋ ਤੇ ਹੁਣ ਸਮਾਂ ਬਦਲਾਵ ਦਾ ਹੈ ਇਸ ਲਈ ਪੰਥ ਦਾ ਸਰਮਾਇਆ ਬਚਾਉਣ ਲਈ ਤੁਹਾਨੂੰ ਅੱਗੇ ਆਣ ਦੀ ਲੋੜ ਹੈ ।

**22 ਜਨਵਰੀ ਨੂੰ ਮੌਜੂਦਾ ਪ੍ਰਬੰਧਕੀ ਕਾਰਜਕਾਲ ਹੋ ਰਿਹਾ ਹੈ ਸਮਾਪਤ**

# ਕ੍ਰਿਤ੍ਰਿਮ ਬੁੱਧੀ (ਏ. ਆਈ.) ਦੇ ਯੁੱਗ ਵਿੱਚ ਅਧਿਆਪਕਾਂ ਦੀ ਵਿਕਾਸਸ਼ੀਲ ਭੂਮਿਕਾ




ਕ੍ਰਿਤ੍ਰਿਮ ਬੁੱਧੀ (AI) ਦੀ ਤਰੱਕੀ ਉਦਯੋਗਾਂ ਨੂੰ ਨਵੀਂ ਰੂਪ ਰੇਖਾ ਦੇ ਰਹੀ ਹੈ ਅਤੇ ਮਨੁੱਖੀ ਸਮਰੱਥਾ ਦੀ ਸੀਮਾਵਾਂ ਨੂੰ ਦੁਬਾਰਾ ਪਰਿਭਾਸ਼ਿਤ ਕਰ ਰਹੀ ਹੈ। ਇਸ ਤੇਜ ਰਫਤਾਰੀ ਵਿਕਾਸ ਕਾਰਨ ਅਧਿਆਪਕਾਂ ਦੀ ਭੂਮਿਕਾ ਇੱਕ ਗਹਿਰੇ ਬਦਲਾਅ ਦਾ ਸਾਹਮਣਾ ਕਰ ਰਹੀ ਹੈ। ਦੁਨੀਆ ਭਰ ਦੀਆਂ ਜਮਾਤਾਂ ਵਿੱਚ ਸਿੱਖਿਆਕਾਰ ਨਾ ਸਿਰਫ ਨਵੀਂ ਤਕਨੀਕ ਦਾ ਅਨੁਕੂਲਨ ਕਰ ਰਹੇ ਹਨ ਸਗੋਂ ਇਸ ਦੀਆਂ ਸੰਭਾਵਨਾਵਾਂ ਨੂੰ ਸਿੱਖਣ ਦੇ ਅਨੁਭਵਾਂ ਨੂੰ ਬਿਹਤਰ ਬਣਾਉਣ ਲਈ ਯਤਨ ਕਰ ਰਹੇ ਹਨ।

**ਸਿੱਖਿਆ ਵਿੱਚ ਤਕਨੀਕੀ ਬਦਲਾਅ**-ਸਿੱਖਿਆ ਵਿੱਚ ਕ੍ਰਿਤਮ ਬੁੱਧੀ ਨੇ ਗਿਆਨ ਪ੍ਰਦਾਨ ਕਰਨ ਅਤੇ ਉਪਭੋਗ ਕਰਨ ਦੇ ਤਰੀਕੇ ਵਿੱਚ ਇੱਕ ਇਨਕਲਾਬ ਨੂੰ ਜਨਮ ਦਿੱਤਾ ਹੈ। ਬੁੱਧੀਮਾਨ ਟਿਊਟੋਰਿੰਗ ਪ੍ਰਣਾਲੀਆਂ, ਅਨੁਕੂਲ ਸਿੱਖਣ ਵਾਲੇ ਪਲੇਟਫਾਰਮ, ਅਤੇ ਕ੍ਰਿਤੀਮ ਬੁੱਧੀ-ਚਾਲਤ ਵਿਸ਼ਲੇਸ਼ਣ ਆਮ ਹੋ ਰਹੇ ਹਨ, ਜੋ ਵਿਦਿਆਰਥੀਆਂ ਦੀਆਂ ਵਿਅਕਤੀਗਤ ਜ਼ਰੂਰਤਾਂ ਦੇ ਅਨੁਸਾਰ ਵਿਅਕਤੀਗਤ ਸਿੱਖਣ ਦੇ ਅਨੁਭਵ ਪ੍ਰਦਾਨ ਕਰਦੇ ਹਨ। ਹਾਲਾਂਕਿ ਇਹ ਉਪਕਰਨ ਵੱਧ ਰਹੇ ਹਨ, ਪਰ ਸਵਾਲ ਉੱਠਦਾ ਹੈ: ਇਸ ਸਭ ਦਾ ਅਧਿਆਪਕਾਂ ਦੀ ਰਵਾਇਤੀ ਭੂਮਿਕਾ ਲਈ ਕੀ ਮਤਲਬ ਹੈ ?

**ਜਾਣਕਾਰੀ ਦੇ ਪ੍ਰਦਾਤਾ ਤੋਂ ਸਿੱਖਣ ਦੇ ਸਹਾਇਕ** -ਇਤਿਹਾਸਕ ਤੌਰ 'ਤੇ ਅਧਿਆਪਕਾਂ ਨੂੰ ਗਿਆਨ ਦੇ ਮੁੱਖ ਸਰੋਤਾਂ ਵਜੋਂ ਦੇਖਿਆ ਗਿਆ ਹੈ, ਜੋ ਸਮੱਗਰੀ ਨੂੰ ਪ੍ਰਦਾਨ ਕਰਨ ਅਤੇ ਵਿਦਿਆਰਥੀਆਂ ਦੇ ਪ੍ਰਦਰਸ਼ਨ ਦਾ ਮੁਲਾਂਕਣ ਕਰਨ ਦੇ ਜਿੰਮੇਵਾਰ ਹਨ। ਹਾਲਾਂਕਿ, ਜਿਵੇਂ ਜਿਵੇਂ ਕ੍ਰਿਤਮ ਬੁੱਧੀ ਵਾਹਿਗੁਰੂ ਇਨ੍ਹਾਂ ਜਿੰਮੇਵਾਰੀਆਂ ਦੀ ਵੰਡ ਕਰਦਾ ਜਾ ਰਿਹਾ ਹੈ—ਤੁਰੰਤ ਫੀਡਬੈਕ ਪ੍ਰਦਾਨ ਕਰਨਾ ਅਤੇ ਵਿਅਕਤੀਗਤ ਸਿੱਖਣ ਦੇ ਮਾਰਗ ਪ੍ਰਦਾਨ ਕਰਨਾ—ਅਧਿਆਪਕਾਂ ਦੀ ਭੂਮਿਕਾ ਸਿੱਖਣ ਦੇ ਸਹਾਇਕ ਵਜੋਂ ਵਧ ਰਹੀ ਹੈ।

ਕ੍ਰਿਤਿਮ ਬੁੱਧੀ ਦੇ ਯੁੱਗ ਵਿੱਚ, ਅਧਿਆਪਕ ਜਾਣਕਾਰੀ ਦੇ ਪ੍ਰਦਾਤਾ ਬਣਨ ਦੀ ਥਾਂ ਮਾਰਗਦਰਸ਼ਕ ਬਣ ਰਹੇ ਹਨ," ਡਾ.ਐਸ ਪੀ ਸਿੰਘ ਨੇ ਕਿਹਾ, ਜੋ ਸਿੱਖਿਆ ਵਿੱਚ ਸੀਨੀਅਰ ਅਧਿਆਪਕ ਹਨ।ਉਹ ਮੌਕੇ ਪੈਦਾ ਕਰਨ ਲਈ ਜਿੰਮੇਵਾਰ ਹਨ, ਜਿੱਥੇ ਵਿਦਿਆਰਥੀਆਂ ਨੂੰ ਆਲੋਚਨਾ ਕਰਨ, ਰਚਨਾਤਮਕਤਾ ਨੂੰ ਵਿਕਸਤ ਕਰਨ ਅਤੇ ਸਮਾਜਿਕ-ਭਾਵਨਾਤਮਕ ਹੁਨਰਾਂ ਨੂੰ ਵਿਕਸਤ ਕਰਨ ਦਾ ਮੌਕਾ ਮਿਲਦਾ ਹੈ ਜੋ ਕ੍ਰਿਤਿਮ ਬੁੱਧੀ ਦੁਆਰਾ ਦੁਹਰਾਈ ਨਹੀਂ ਜਾ ਸਕਦੀ।"

**ਮਨੁੱਖੀ ਹੁਨਰਾਂ ਦਾ ਵਿਕਾਸ**-ਜਦੋਂ ਕਿ ਕ੍ਰਿਤਮ ਬੁੱਧੀ ਡਾਟਾ ਪ੍ਰਕਿਰਿਆ ਕਰਨ ਅਤੇ ਪੈਟਰਨ ਪਛਾਣਨ ਵਿੱਚ ਮੁਹਾਰਤ ਰੱਖਦਾ ਹੈ, ਇਹ ਸਮਝਦਾਰੀ, ਸਹਿਯੋਗ ਅਤੇ ਨੈਤਿਕ ਤਰੱਕੀ ਵਰਗੇ ਮਨੁੱਖੀ ਹੁਨਰਾਂ ਨੂੰ ਪਾਲਣਾ ਕਰਨ ਵਿੱਚ ਅਸਫਲ ਹੈ। ਅਧਿਆਪਕ ਇਹਨਾਂ ਸਮਰੱਥਾਵਾਂ ਨੂੰ ਵਿਕਸਤ ਕਰਨ ਵਿੱਚ ਇੱਕ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ, ਜੋ ਇੱਕ ਵਧ ਰਹੇ ਆਟੋਮੇਟਿਡ ਸੰਸਾਰ ਵਿੱਚ ਸਫਲਤਾ ਲਈ ਮਹੱਤਵਪੂਰਨ ਹਨ।

ਅਧਿਆਪਕ ਵਿਦਿਆਰਥੀਆਂ ਨੂੰ ਜਟਿਲ ਸਮਾਜਿਕ ਗਤੀਵਿਧੀਆਂ ਅਤੇ ਨੈਤਿਕ ਚੁਣੌਤੀਆਂ ਨਾਲ ਦੋ ਦੋ ਹੱਥ ਕਰਨ ਵਿੱਚ ਮਦਦ ਕਰਨ ਵਿੱਚ ਮਹੱਤਵਪੂਰਨ ਹਨ, ਡਾ. ਐਸ ਪੀ ਸਿੰਘ ਨੇ ਸਮਝਾਇਆ। ਉਹ ਉਹਨਾਂ ਵਾਤਾਵਰਨਾਂ ਨੂੰ ਬਣਾਉਂਦੇ ਹਨ ਜਿੱਥੇ ਵਿਦਿਆਰਥੀ ਅਰਥਪੂਰਨ ਗੱਲਬਾਤਾਂ ਵਿੱਚ ਸ਼ਾਮਿਲ ਹੋ ਸਕਦੇ ਹਨ ਅਤੇ ਵੱਖ-ਵੱਖ ਦ੍ਰਿਸ਼ਟੀਕੋਣਾਂ ਤੋਂ ਸਿਖ ਸਕਦੇ ਹਨ।

**ਜ਼ਿੰਦਗੀ ਭਰ ਸਿੱਖਣ ਨੂੰ ਗਲੇ ਲਗਾਉਣਾ**-ਜਿਵੇਂ ਕ੍ਰਿਤਿਮ ਬੁੱਧੀ ਤਕਨੀਕਾਂ ਤੇਜ਼ੀ ਨਾਲ ਵਿਕਸਤ ਹੋ ਰਹੀਆਂ ਹਨ, ਅਧਿਆਪਕਾਂ ਲਈ ਵੀ ਇਸਦੀ ਲੋੜ ਹੈ। ਪੇਸ਼ਾਵਰ ਵਿਕਾਸ ਹੁਣ ਪਹਿਲੀ ਵਾਰ ਮਹੱਤਵਪੂਰਨ ਹੈ, ਕਿਉਂਕਿ ਅਧਿਆਪਕਾਂ ਨੂੰ ਨਵੇਂ ਉਪਕਰਨਾਂ ਅਤੇ ਤਕਨੀਕਾਂ ਬਾਰੇ ਜਾਣੂ ਹੋਣਾ ਚਾਹੀਦਾ ਹੈ। ਬਹੁਤ ਸਾਰੇ ਸਿੱਖਿਆ ਸੰਸਥਾਨ ਹੁਣ ਐਸੇ ਚੱਲ ਰਹੇ ਹਨ ਜੋ ਅਧਿਆਪਕਾਂ ਨੂੰ ਉਹਨਾਂ ਦੀਆਂ ਸਿੱਖਣ ਦੀਆਂ ਪ੍ਰਥਾਵਾਂ ਵਿੱਚ ਕ੍ਰਿਤਮ ਬੁੱਧੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸ਼ਾਮਿਲ ਕਰਨ ਲਈ ਜ਼ਰੂਰੀ ਹੁਨਰ ਪ੍ਰਦਾਨ ਕਰਦੇ ਹਨ।

ਅਧਿਆਪਕਾਂ ਨੂੰ ਜੀਵਨ ਭਰ ਸਿੱਖਣ ਦੇ ਮਨੋਵਿਗਿਆਨ ਨੂੰ ਗਲੇ ਲਗਾਉਣਾ ਚਾਹੀਦਾ ਹੈ। ਆਪਣੇ ਗਿਆਨ ਅਤੇ ਹੁਨਰਾਂ ਨੂੰ ਨਵੀਨੀਕਰਨ ਕਰਕੇ, ਉਹ ਵਿਦਿਆਰਥੀਆਂ ਨੂੰ ਇੱਕ ਐਸੇ ਭਵਿੱਖ ਲਈ ਜੁਝਾਰੂ ਤੌਰ 'ਤੇ ਤਿਆਰ ਕਰ ਸਕਦੇ ਹਨ ਜਿੱਥੇ ਅਨੁਕੂਲਤਾ ਮਹੱਤਵਪੂਰਨ ਹੈ।"

**ਅੱਗੇ ਚੁਣੌਤੀਆਂ**-ਕ੍ਰਿਤੀਮ ਬੁੱਧੀ ਦੇ ਸਿੱਖਿਆ ਵਿੱਚ ਕਾਫੀ ਸੰਭਾਵਨਾਵਾਂ ਦੇ ਬਾਵਜੂਦ, ਚੁਣੌਤੀਆਂ ਮੌਜੂਦ ਹਨ। ਡਾਟੇ ਦੀ ਗੋਪਨੀਅਤਾ, ਤਕਨੀਕ ਤੱਕ ਪਹੁੰਚ ਵਿੱਚ ਸਮਾਨਤਾ, ਅਤੇ ਐਲਗੋਰਿਦਮਿਕ ਪੱਖਪਾਤ ਦੇ ਸੰਭਾਵਨਾ ਬਾਰੇ ਚਿੰਤਾਵਾਂ ਦਾ ਹੱਲ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਕ੍ਰਿਤੀਮ ਬੁੱਧੀ ਹਰ ਵਿਦਿਆਰਥੀ ਲਈ ਨਿਰਪੱਖ ਹੋਵੇ।

ਇਸ ਤੋਂ ਇਲਾਵਾ, ਕੁਝ ਅਧਿਆਪਕ ਤਕਨੀਕ 'ਤੇ ਬਹੁਤ ਜ਼ਿਆਦਾ ਨਿਰਭਰਤਾ ਬਾਰੇ ਚਿੰਤਾ ਪ੍ਰਗਟ ਕਰਦੇ ਹਨ। ਬਹੁਤ ਸਾਰੇ ਅਧਿਆਪਕਾਂ ਦਾ ਕਹਿਣਾ ਹੈ ਕਿ ਸਾਨੂੰ ਉਪਕਰਨਾਂ ਦੀ ਵਰਤੋਂ ਅਤੇ ਸਿੱਖਿਆ ਵਿੱਚ ਮਨੁੱਖੀ ਅਹਿਸਾਸ ਨੂੰ ਬਣਾਈ ਰੱਖਣ ਵਿਚ ਸੰਤੁਲਨ ਬਣਾਉਣਾ ਚਾਹੀਦਾ ਹੈ।ਸਾਡੇ ਵਿਦਿਆਰਥੀਆਂ ਨਾਲ ਜੋ ਨਿੱਜੀ ਸੰਪਰਕ ਬਣਦੇ ਹਨ ਉਹ ਬਦਲ ਨਹੀਂ ਸਕਦੇ।

**ਅਧਿਆਪਕਾਂ ਲਈ ਨਵਾਂ ਯੁੱਗ**-ਜਿਵੇਂ-ਜਿਵੇ ਅਸੀਂ ਕ੍ਰਿਤ੍ਰਿਮ ਬੁੱਧੀ ਦੇ ਯੁੱਗ ਵਿੱਚ ਅੱਗੇ ਵੱਧਦੇ ਹਾਂ, ਅਧਿਆਪਕਾਂ ਦੀ ਭੂਮਿਕਾ ਵੀ ਵਿਕਸਤ ਹੁੰਦੀ ਰਹੇਗੀ। ਨਵੀਂ ਤਕਨੀਕਾਂ ਨੂੰ ਗਲੇ ਲਗਾਉਂਦੇ ਹੋਏ ਅਤੇ ਮਨੁੱਖੀ ਹੁਨਰਾਂ ਨੂੰ ਪਹਿਲ ਦਿੱਤੇ ਜਾਣ ਨਾਲ, ਸਿੱਖਿਆਕਾਰ ਇਸ ਨਵੇਂ ਦ੍ਰਿਸ਼ਟੀਕੋਣ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਵਿਚਰ ਸਕਦੇ ਹਨ।



ਇਸ ਬਦਲਾਅ ਵਾਲੇ ਯੁੱਗ ਵਿੱਚ, ਅਧਿਆਪਕ ਬਹੁਤ ਹੀ ਮਹੱਤਵਪੂਰਨ ਰਹਿੰਦੇ ਹਨ। ਉਹ ਸਿਰਫ ਸਿੱਖਿਆਕਾਰ ਨਹੀਂ; ਉਹ ਮੈਨਟਰ, ਸਹਾਇਕ ਅਤੇ ਜੀਵਨ ਭਰ ਸਿੱਖਣ ਦੇ ਚੈਂਪੀਅਨ ਹਨ—ਵਿਦਿਆਰਥੀਆਂ ਨੂੰ ਚਣੌਤੀਆਂ ਭਰੇ ਸੰਸਾਰ ਵਿੱਚ ਮਦਦ ਕਰਦੇ ਹਨ ਜਿਸਦਾ ਆਕਾਰ ਤਕਨੀਕ ਦੁਆਰਾ ਬਣਾਇਆ ਗਿਆ ਹੈ। ਜਦੋਂ ਅਸੀਂ ਭਵਿੱਖ ਵੱਲ ਵੇਖਦੇ ਹਾਂ, ਇਹ ਸਾਫ਼ ਹੈ ਕਿ ਸਿੱਖਿਆ ਵਿੱਚ ਮਨੁੱਖੀ ਤੱਤ ਹਮੇਸ਼ਾ ਨਵੀਂ ਪੀੜ੍ਹੀਆਂ ਦੇ ਸੋਚਵਾਨਾਂ ਨੂੰ ਪਾਲਣ ਕਰਨ ਲਈ ਮਹੱਤਵਪੂਰਨ ਹੋਵੇਗਾ।

**-ਡਾ. ਸੁਰਿੰਦਰਪਾਲ ਸਿੰਘ**
**ਵਿਗਿਆਨ ਅਧਿਆਪਕ**
**ਸ੍ਰੀ ਅੰਮ੍ਰਿਤਸਰ ਸਾਹਿਬ, ਪੰਜਾਬ।**

### ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਪੇਸ਼ ਹੋ ਕੇ

# ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਨੇ ਦਿੱਤਾ ਆਪਣਾ ਸਪੱਸ਼ਟੀਕਰਨ




**ਨਵੀਂ ਦਿੱਲੀ, 15 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):**-ਪਿਛਲੇ ਸਮੇਂ ਸਿੱਖ ਵਿਰੋਧੀ ਮਾਨਸਿਕਤਾ ਦਾ ਪ੍ਰਗਟਾਵਾ ਕਰਨ, ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਿੱਖ ਰਹਿਤ ਮਰਯਾਦਾ ਤੇ ਸਰਬਉੱਚਤਾ, ਗੁਰੂ ਕੀ ਗੋਲਕ ਵਿਰੁੱਧ ਵਾਰ-ਵਾਰ ਇਤਰਾਜ਼ਯੋਗ ਟਿੱਪਣੀਆਂ ਕਰਨ ਅਤੇ ਸਿੱਖ ਗੁਰੂ ਸਾਹਿਬਾਨ ਤੇ ਸੰਤ ਗਿਆਨੀ ਜਰਨੈਲ ਸਿੰਘ ਖ਼ਾਲਸਾ ਭਿੰਡਰਾਂਵਾਲੇ ਦੀਆਂ ਤਸਵੀਰਾਂ ਨਾਲ ਅਤਿ-ਇਤਰਾਜ਼ਯੋਗ ਗਤੀਵਿਧੀ ਕਰਦਿਆਂ ਦੀ ਸਾਹਮਣੇ ਆਈ ਵੀਡੀਓ ਦੇ ਮਾਮਲਿਆਂ ਵਿੱਚ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਅੱਜ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਆਪਣਾ ਸਪੱਸ਼ਟੀਕਰਨ ਦੇਣ ਲਈ ਪੁੱਜੇ। ਇਸ ਮੌਕੇ ਮੁੱਖ ਮੰਤਰੀ ਸ. ਭਗਵੰਤ ਸਿੰਘ ਸਕੱਤਰੇਤ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਕੁਲਦੀਪ ਸਿੰਘ ਗੜਗੱਜ ਦੇ ਸਨਮੁਖ ਪੇਸ਼ ਹੋਏ। ਇਸ ਦੌਰਾਨ ਤਖ਼ਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਟੇਕ ਸਿੰਘ ਵੀ ਮੌਜੂਦ ਸਨ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵੱਲੋਂ ਸ. ਭਗਵੰਤ ਸਿੰਘ ਪਾਸੋਂ ਉਨ੍ਹਾਂ ਵਿਰੁੱਧ ਪੁੱਜੀਆਂ ਸ਼ਿਕਾਇਤਾਂ ਵਿੱਚ ਲੱਗੇ ਵੱਖ-ਵੱਖ ਦੋਸ਼ਾਂ ਦਾ ਇੱਕ-ਇੱਕ ਕਰਕੇ ਸਪੱਸ਼ਟੀਕਰਨ ਲਿਆ ਗਿਆ ਹੈ। ਇਸ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਨੂੰ ਉਨ੍ਹਾਂ ਵਿਰੁੱਧ ਪੁੱਜੀਆਂ ਸ਼ਿਕਾਇਤਾਂ ਦੇ ਮਾਮਲਿਆਂ ਵਿੱਚ ਸੱਦਿਆ ਗਿਆ ਸੀ, ਜਿਸ ਉੱਤੇ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਬਉੱਚਤਾ ਨੂੰ ਸਮਰਪਣ ਭਾਵ ਨਾਲ ਪ੍ਰਵਾਨ ਕਰਦਿਆਂ ਇਹ ਮਹਿਸੂਸ ਕੀਤਾ ਹੈ ਕਿ ਉਨ੍ਹਾਂ ਵੱਲੋਂ ਬੀਤੇ ਸਮੇਂ ਕੁਝ ਗਲਤ ਬਿਆਨੀਆਂ ਹੋਈਆਂ ਹਨ ਅਤੇ ਉਨ੍ਹਾਂ ਸਬੰਧੀ ਸਾਹਮਣੇ ਆਈ ਇਤਰਾਜ਼ਯੋਗ ਵੀਡੀਓ ਦੀ ਫੋਰੈਂਸਿਕ ਜਾਂਚ ਲਈ ਸਹਿਮਤੀ ਵੀ ਪ੍ਰਗਟਾਈ ਹੈ। ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਪੰਜਾਬ ਸੂਬੇ ਦੇ ਮੁਖੀ ਵਜੋਂ ਇੱਕ ਸੰਵਿਧਾਨਕ ਅਹੁਦੇ ਉੱਤੇ ਬੈਠੇ ਹਨ, ਜਿਸ ਨੂੰ ਸੰਭਾਲਣ ਲਈ ਉਨ੍ਹਾਂ ਨੇ ਸਹੁੰ ਚੁੱਕਣ ਵੇਲੇ ਧਰਮ ਨਿਰਪੱਖ ਰਹਿਣ ਦਾ ਪ੍ਰਣ ਕੀਤਾ ਹੈ। ਉਨ੍ਹਾਂ ਕਿਹਾ ਕਿ ਇੱਕ ਮੁੱਖ ਮੰਤਰੀ ਸੂਬੇ ਅੰਦਰ ਮੌਜੂਦ ਹਰ ਧਰਮ ਦਾ ਤਰਜਮਾਨ ਹੁੰਦਾ ਹੈ ਅਤੇ ਸ. ਭਗਵੰਤ ਸਿੰਘ ਵੱਲੋਂ ਬੀਤੇ ਸਮੇਂ ਸਿੱਖ ਧਰਮ ਦੀਆਂ ਰਵਾਇਤਾਂ, ਦਸਵੰਧ ਦੇ ਸਿਧਾਂਤ ਗੁਰੂ ਕੀ ਗੋਲਕ, ਮਰਯਾਦਾ, ਸਿਧਾਂਤਾਂ ਅਤੇ ਅੰਦਰੂਨੀ ਮਾਮਲਿਆਂ ਬਾਰੇ ਕੀਤੀਆਂ ਗਈਆਂ ਟਿੱਪਣੀਆਂ ਉਚਿਤ ਨਹੀਂ ਹਨ, ਜੋ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਸੱਟ ਮਾਰਦੀਆਂ ਹਨ। ਜਥੇਦਾਰ ਗੜਗੱਜ ਨੇ ਕਿਹਾ ਕਿ ਮੁੱਖ ਮੰਤਰੀ ਨੂੰ ਇਸ ਗੱਲ ਤੋਂ ਵਰਜਿਆ ਗਿਆ ਹੈ ਕਿ ਉਹ ਅਗਾਂਹ ਤੋਂ ਸਿੱਖ ਰਵਾਇਤਾਂ, ਗੁਰੂ ਕੀ ਗੋਲਕ, ਮਰਯਾਦਾ, ਸਿਧਾਂਤਾਂ ਅਤੇ ਸਿੱਖਾਂ ਦੇ ਅੰਦਰੂਨੀ ਮਾਮਲਿਆਂ ਬਾਰੇ ਇਸ ਤਰ੍ਹਾਂ ਨਾ ਬੋਲਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਜੋ ਵੀ ਸਪੱਸ਼ਟੀਕਰਨ ਦਿੱਤਾ ਹੈ ਉਸ ਨੂੰ ਦਰਜ ਕਰ ਲਿਆ ਗਿਆ ਹੈ, ਜਿਸ ਨੂੰ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ ਵਿੱਚ ਵਿਚਾਰਿਆ ਜਾਵੇਗਾ। ਇਸ ਮੌਕੇ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਮੁੱਖ ਮੰਤਰੀ ਭਗਵੰਤ ਸਿੰਘ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪੰਥ ਪ੍ਰਵਾਨਿਤ ਸਿੱਖ ਰਹਿਤ ਮਰਯਾਦਾ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਆਮਦਨ ਅਤੇ ਖਰਚਿਆਂ ਨਾਲ ਸਬੰਧਤ ਚਿੱਠਿਆਂ ਦਾ ਰਿਕਾਰਡ ਪ੍ਰਕਾਸ਼ਿਤ ਕਰਨ ਵਾਲੇ ਮਾਸਿਕ ਗੁਰਦੁਆਰਾ ਗਜ਼ਟ ਰਸਾਲੇ ਦੀ ਕਾਪੀ ਵੀ ਵਿਸ਼ੇਸ਼ ਤੌਰ ਉੱਤੇ ਦਿੰਦਿਆਂ ਆਖਿਆ ਕਿ ਉਹ ਇਨ੍ਹਾਂ ਇਤਿਹਾਸਕ ਦਸਤਾਵੇਜ਼ਾਂ ਨੂੰ ਜ਼ਰੂਰ ਪੜ੍ਹਣ ਅਤੇ ਸਮਝਣ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨੇ ਇਹ ਗੱਲ ਮੰਨੀ ਹੈ ਕਿ ਉਨ੍ਹਾਂ ਨੂੰ ਸਿੱਖ ਰਹਿਤ ਮਰਯਾਦਾ ਬਾਰੇ ਜਾਣਕਾਰੀ ਨਹੀਂ ਹੈ, ਇਸ ਲਈ ਉਨ੍ਹਾਂ ਨੂੰ ਬਿਨਾਂ ਜਾਣਕਾਰੀ ਮਰਯਾਦਾ ਦੇ ਸਬੰਧ ਵਿੱਚ ਕੁਝ ਨਹੀਂ ਬੋਲਣਾ ਚਾਹੀਦਾ।

ਆਵਾਜ਼ਿ ਕੌਮ AWAZE QAUM International Newspaper & WEB TV

ਉਨ੍ਹਾਂ ਕਿਹਾ ਕਿ ਸ. ਭਗਵੰਤ ਸਿੰਘ ਨਾਲ ਸਬੰਧਤ ਸਾਹਮਣੇ ਆਈ ਵੀਡੀਓ ਦੇ ਮਾਮਲੇ ਵਿੱਚ ਉਨ੍ਹਾਂ ਨੂੰ ਆਖਿਆ ਗਿਆ ਹੈ ਕਿ ਉਹ ਪੰਜਾਬ ਸਰਕਾਰ ਦੀ ਤਰਫ਼ੋਂ ਕੋਈ ਦੋ ਫੋਰੈਂਸਿਕ ਲੈਬਾਂ ਦੱਸਣ ਜਿੱਥੋਂ ਵੀਡੀਓ ਦੀ ਜਾਂਚ ਕਰਵਾਈ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਦੀ ਤਰਫ਼ੋਂ ਸੁਝਾਈ ਜਾਣ ਵਾਲੀ ਲੈਬਾਂ ਦੇ ਨਾਲ-ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਆਪਣੇ ਤੌਰ ਉੱਤੇ ਵੀ ਮੁੱਖ ਮੰਤਰੀ ਦੀ ਇਤਰਾਜ਼ਯੋਗ ਵੀਡੀਓ ਦੀ ਜਾਂਚ ਕਰਵਾਈ ਜਾਵੇਗੀ। ਉਨ੍ਹਾਂ ਕਿਹਾ ਕਿ ਜੋ ਵੀ ਰਿਪੋਰਟ ਸਾਹਮਣੇ ਆਵੇਗੀ ਉਸ ਨੂੰ ਖ਼ਾਲਸਾ ਪੰਥ ਦੇ ਸਨਮੁਖ ਰੱਖ ਕੇ, ਅਗਲਾ ਫ਼ੈਸਲਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿਉਂਕਿ ਵੀਡੀਓ ਵਾਲਾ ਮਾਮਲਾ ਸਿੱਖ ਭਾਵਨਾਵਾਂ ਨਾਲ ਜੁੜਿਆ ਹੈ ਅਤੇ ਇਹ ਵੀ ਜ਼ਰੂਰੀ ਹੈ ਕਿ ਕਿਸੇ ਦੀ ਵੀ ਕਿਰਦਾਰਕੁਸ਼ੀ ਨਹੀਂ ਹੋਣੀ ਚਾਹੀਦੀ ਇਸ ਲਈ ਇਸਦੀ ਦੀ ਫੋਰੈਂਸਿਕ ਜਾਂਚ ਜ਼ਰੂਰੀ ਹੈ।

ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਸਿੱਖ ਕੌਮ ਦਾ ਸਰਬਉੱਚ ਅਸਥਾਨ ਹੈ ਜਿੱਥੋਂ ਕਿਸੇ ਨਾਲ ਵੈਰ ਵਿਰੋਧ ਦੀ ਭਾਵਨਾ ਨਹੀਂ ਰੱਖੀ ਜਾਂਦੀ ਅਤੇ ਜੋ ਵੀ ਇੱਥੇ ਨਿਮਰਤਾ ਨਾਲ ਆਉਂਦਾ ਹੈ ਉਸ ਦੀ ਗੱਲ ਸੁਣੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸਿੱਖ ਗੁਰੂ ਸਾਹਿਬਾਨ ਨੇ ਸਾਨੂੰ ਵਿਚਾਰ ਗੋਸ਼ਟੀ ਨਾਲ ਜੋੜਿਆ ਹੈ, ਜਿਸ ਅਨੁਸਾਰ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਪਰੰਪਰਾ ਕਾਰਜ ਕਰਦੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਲ ਬਹੁਤ ਹੀ ਚੰਗੇ ਮਾਹੌਲ ਵਿੱਚ ਸਾਰੀ ਗੱਲਬਾਤ ਹੋਈ ਹੈ ਅਤੇ ਉਹ ਆਪਣਾ ਪੱਖ ਰੱਖ ਕੇ ਗਏ ਹਨ। ਉਨ੍ਹਾਂ ਕਿਹਾ ਕਿ ਜੇਕਰ ਕੋਈ ਰਾਜ ਸੱਤਾ ਵਿੱਚ ਉੱਚ ਅਹੁਦਿਆਂ ਉੱਤੇ ਬੈਠਾ ਆਗੂ ਸਿੱਖ ਰਵਾਇਤਾਂ ਤੇ ਮਰਯਾਦਾ ਵਿਰੁੱਧ ਕੋਈ ਐਸੀ ਗਲਤੀ ਕਰੇ ਜਿਸ ਨਾਲ ਸਿੱਖ ਭਾਵਨਾਵਾਂ ਨੂੰ ਸੱਟ ਵੱਜਦੀ ਹੈ ਤਾਂ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਇਹ ਫ਼ਰਜ਼ ਹੈ ਕਿ ਇਸ ਦਾ ਗੰਭੀਰ ਨੋਟਿਸ ਲੈ ਕੇ ਸਬੰਧਤ ਕੋਲੋਂ ਇਸ ਸਬੰਧੀ ਪੁੱਛਗਿੱਛ ਕੀਤੀ ਜਾਵੇ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਮੁੱਖ ਮੰਤਰੀ ਨੂੰ ਇਸ ਸੰਜੀਦਾ ਮਾਮਲੇ ਉੱਤੇ ਕਿਸੇ ਤਰ੍ਹਾਂ ਦੀ ਵੀ ਕਾਹਲੀ ਨਹੀਂ ਕਰਨੀ ਚਾਹੀਦੀ ਅਤੇ ਬਿਨਾਂ ਸਹੀ ਤੱਥਾਂ ਦੇ ਕੋਈ ਬਿਆਨਬਾਜ਼ੀ ਨਾ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਪਹਿਲਾਂ ਵੀ ਸਭ ਨੂੰ ਇਹ ਆਦੇਸ਼ ਕੀਤਾ ਜਾ ਚੁੱਕਾ ਹੈ ਇਸ ਮਾਮਲੇ ਉੱਤੇ ਕਿਸੇ ਤਰ੍ਹਾਂ ਦੀ ਵੀ ਸਿਆਸਤ ਨਾ ਕੀਤੀ ਜਾਵੇ ਅਤੇ ਜੇਕਰ ਅਜਿਹਾ ਕੀਤਾ ਜਾਂਦਾ ਹੈ ਤਾਂ ਇਸ ਦਾ ਗੰਭੀਰ ਨੋਟਿਸ ਲਿਆ ਜਾਵੇਗਾ।

ਇੱਕ ਹੋਰ ਸਵਾਲ ਦੇ ਜਵਾਬ ਵਿੱਚ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਨੇ ਕਿਹਾ ਕਿ ਆਪਣੀ ਪੇਸ਼ੀ ਮੌਕੇ ਮੁੱਖ ਮੰਤਰੀ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧਕੀ ਮਾਮਲਿਆਂ ਸਬੰਧੀ ਕੁਝ ਦਸਤਾਵੇਜ਼ ਦਿੱਤੇ ਗਏ ਹਨ ਜੋ ਸਕੱਤਰੇਤ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਇੰਚਾਰਜ ਨੇ ਪ੍ਰਾਪਤ ਕਰ ਲਏ ਹਨ ਅਤੇ ਇਨ੍ਹਾਂ ਦੀ ਘੋਖ ਉਪਰੰਤ ਸ਼੍ਰੋਮਣੀ ਕਮੇਟੀ ਨੂੰ ਲਿਖਿਆ ਜਾਵੇਗਾ।

# ਸ੍ਰੀ ਗੁਰੂ ਗ੍ਰੰਥ ਸਾਹਿਬ ਸਨਮਾਨ ਯਾਤਰਾ ਦਾ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚਣ 'ਤੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਨਿੱਘਾ ਸਵਾਗਤ





**ਅੰਮ੍ਰਿਤਸਰ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਹੋਰ ਧਾਰਮਿਕ ਗ੍ਰੰਥਾਂ ਦੀਆਂ ਵਾਰ-ਵਾਰ ਹੋ ਰਹੀਆਂ ਬੇਅਦਬੀਆਂ ਦੇ ਖ਼ਿਲਾਫ਼ ਸਖ਼ਤ ਕਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਚੱਲ ਰਹੇ ਪੰਥਕ ਸੰਘਰਸ਼ ਦੇ ਤਹਿਤ ਕੱਢੀ ਗਈ ਸ੍ਰੀ ਗੁਰੂ ਗ੍ਰੰਥ ਸਾਹਿਬ ਸਨਮਾਨ ਯਾਤਰਾ ਅੱਜ ਵੱਖ-ਵੱਖ ਪੜਾਵਾਂ ਤੋਂ ਲੰਘਦੀ ਹੋਈ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਸ੍ਰੀ ਅਕਾਲ ਤਖ਼ਤ ਸਾਹਿਬ ਪਹੁੰਚ ਕੇ ਆਪਣੀ ਪੰਥਕ ਸਮਾਪਤੀ 'ਤੇ ਪਹੁੰਚੀ। ਇਸ ਪਾਵਨ ਯਾਤਰਾ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਅੰਮ੍ਰਿਤਸਰ ਗੋਲਡਨ ਗੇਟ ਵਿਖੇ ਸ਼ਰਧਾ, ਸਤਿਕਾਰ ਅਤੇ ਗੁਰਮਤਿ ਮਰਿਆਦਾ ਅਨੁਸਾਰ ਨਿੱਘਾ ਸਵਾਗਤ ਕੀਤਾ ਗਿਆ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਅਗਵਾਈ ਹੇਠ ਇਸ ਯਾਤਰਾ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਇਸ ਮੌਕੇ ਪੰਜਾਂ ਪਿਆਰੇ ਸਾਹਿਬਾਨ ਅਤੇ ਯਾਤਰਾ ਨਾਲ ਜੁੜੀਆਂ ਮੁੱਖ ਪੰਥਕ ਸ਼ਖਸੀਅਤਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਟੀਮ ਵਿੱਚ ਮੁੱਖ ਤੌਰ ਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ, ਭਾਈ ਭੁਪਿੰਦਰ ਸਿੰਘ ਗੱਦਲੀ, ਭਾਈ ਦਇਆ ਸਿੰਘ ਜੀ, ਬਾਬਾ ਬਿਬੇਕ ਸਿੰਘ ਜੀ, ਭਾਈ ਅਮਨਦੀਪ ਸਿੰਘ ਡੱਡੂਆਣਾਂ, ਭਾਈ ਮਨਜਿੰਦਰ ਸਿੰਘ ਕਲੇਰ ਅਤੇ ਹੋਰ ਵਰਕਰ ਵੀ ਮੌਜੂਦ ਸਨ। ਇਥੇ ਇਹ ਜਿਕਰਯੋਗ ਹੈ ਕਿ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਰੋਕਣ ਲਈ ਕਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ ਪਹਿਲਾਂ ਵੀ ਕਈ ਵਾਰ ਧਰਨੇ ਅਤੇ ਸ਼ਾਂਤਮਈ ਪ੍ਰਦਰਸ਼ਨ ਕੀਤੇ ਗਏ, ਪਰ ਸਰਕਾਰਾਂ ਵੱਲੋਂ ਇਸ ਮਾਮਲੇ 'ਚ ਰਵੱਈਆ ਲਗਾਤਾਰ ਨਿਰਾਸ਼ਾਜਨਕ ਹੀ ਰਿਹਾ ਜਿਸ ਕਾਰਨ ਭਾਈ ਗੁਰਜੀਤ ਸਿੰਘ ਰਾਣਾ ਵੱਲੋਂ ਪਿਛਲੇ ਲੰਬੇ ਸਮੇਂ ਤੋਂ ਸਾਰੇ ਧਰਮ ਗ੍ਰੰਥਾਂ ਦੀ ਬੇਅਦਬੀ ਦੇ ਖ਼ਿਲਾਫ਼ ਸਖ਼ਤ ਕਨੂੰਨ ਬਣਾਉਣ ਦੀ ਮੰਗ ਨੂੰ ਲੈ ਕੇ 400 ਫੁੱਟ ਉੱਚੇ ਟਾਵਰ 'ਤੇ ਬੈਠ ਕੇ ਸੰਘਰਸ਼ ਸ਼ੁਰੂ ਕੀਤਾ ਹੋਇਆ ਹੈ ਅਤੇ ਇਸੇ ਸੰਘਰਸ਼ ਨੂੰ ਲੋਕ ਚੇਤਨਾ ਬਣਾਉਣ ਦੇ ਉਦੇਸ਼ ਨਾਲ ਸ੍ਰੀ ਰਾਮ ਸਿੰਘ ਰਾਣਾ (ਗੋਲਡਨ ਹੱਟ) ਅਤੇ ਪੰਥਕ ਸ਼ਖਸੀਅਤਾਂ ਵੱਲੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਸਨਮਾਨ ਯਾਤਰਾ ਕੱਢਣ ਦਾ ਪ੍ਰੋਗਰਾਮ ਉਲੀਕਿਆ ਗਿਆ। ਇਸ ਵਕਤ ਇਸ ਯਾਤਰਾ ਵਿੱਚ ਉਹਨਾਂ ਦੇ ਨਾਲ ਪ੍ਰਮੁੱਖ ਸ਼ਖਸੀਅਤਾਂ ਵਿੱਚ ਭਾਈ ਜਗਦੀਸ਼ ਸਿੰਘ ਝੀਂਡਾ ( ਪ੍ਰਧਾਨ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਹਰਿਆਣਾਂ ), ਭਾਈ ਮਨਦੀਪ ਸਿੰਘ ( ਭਰਾਤਾ ਸੰਦੀਪ ਸਿੰਘ ਸੰਨੀ ), ਰਾਜੇਸ਼ਵਰ ਸਿੰਘ ਰਾਣਾਂ ਅਤੇ ਰਾਮ ਸਿੰਘ ਰਾਣਾਂ ਤੋਂ ਇਲਾਵਾ ਹੋਰ ਵੀ ਪੰਥਕ ਜਥੇਬੰਦੀਆਂ ਦੇ ਨੁਮਾਇੰਦੇ ਵੱਡੀ ਗਿਣਤੀ ਵਿੱਚ ਮੌਜੂਦ ਸਨ। ਇਸ ਮੌਕੇ ਤੇ ਭਾਈ ਸ਼ਮਸ਼ੇਰ ਸਿੰਘ ਪੱਧਰੀ ਨੇ ਕਿਹਾ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਿੱਖ ਕੌਮ ਦੀ ਰੂਹ ਹਨ, ਅਤੇ ਹੋਰ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਵੀ ਸਮਾਜਿਕ ਸਾਂਝ ਅਤੇ ਧਾਰਮਿਕ ਸਹਿਣਸ਼ੀਲਤਾ 'ਤੇ ਸਿੱਧਾ ਹਮਲਾ ਹੈ। ਇਸ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਸਪੱਸ਼ਟ ਮੰਗ ਕਰਦੇ ਹਾਂ ਕਿ ਸਾਰੇ ਧਰਮ ਗ੍ਰੰਥਾਂ ਦੀ ਮਰਿਆਦਾ ਦੀ ਰੱਖਿਆ ਲਈ ਤੁਰੰਤ ਸਖ਼ਤ ਕਨੂੰਨ ਬਣਾਇਆ ਜਾਵੇ, ਤਾਂ ਜੋ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਅੰਤ ਵਿੱਚ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਭਾਈ ਗੁਰਜੀਤ ਸਿੰਘ ਰਾਣਾ ਦੇ ਅਟੱਲ ਸੰਘਰਸ਼, ਸ੍ਰੀ ਗੁਰੂ ਗ੍ਰੰਥ ਸਾਹਿਬ ਸਨਮਾਨ ਯਾਤਰਾ ਨਾਲ ਜੁੜੀਆਂ ਸਮੂਹ ਸੰਗਤਾਂ, ਸੇਵਾਦਾਰਾਂ, ਆਯੋਜਕਾਂ ਅਤੇ ਪੰਥਕ ਸ਼ਖਸੀਅਤਾਂ ਦਾ ਦਿਲੋਂ ਧੰਨਵਾਦ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਜਾ ਵੜਿੰਗ ਵਰਗਿਆਂ ਨੂੰ ਮੁਕਤਸਰ ਦੀ ਪਵਿੱਤਰ ਸ਼ਹੀਦੀ ਧਰਤੀ 'ਤੇ ਮੀਰੀ-ਪੀਰੀ ਕਾਨਫਰੰਸ ਕਰਨ ਉਪਰ ਕਿੰਤੂ-ਪ੍ਰੰਤੂ ਕਰਨ ਦਾ ਕੋਈ ਅਧਿਕਾਰ ਨਹੀਂ : ਮਾਨ

**ਨਵੀਂ ਦਿੱਲੀ,15 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):**- ਮੁਕਤਸਰ, ਫ਼ਤਹਿਗੜ੍ਹ ਸਾਹਿਬ, ਸ਼੍ਰੀ ਆਨੰਦਪੁਰ ਸਾਹਿਬ, ਸ਼੍ਰੀ ਚਮਕੌਰ ਸਾਹਿਬ ਆਦਿ ਅਨੇਕਾਂ ਸਿੱਖ ਕੌਮ ਦੇ ਮਹਾਨ ਸ਼ਹੀਦੀ ਅਸਥਾਨ ਹਨ, ਜਿਥੇ ਸਾਡੇ ਗੁਰੂ ਸਾਹਿਬਾਨ, ਉਹਨਾਂ ਦੇ ਪਰਿਵਾਰਿਕ ਮੈਂਬਰਾਂ ਅਤੇ ਸਿੱਖਾਂ ਦੀਆਂ ਵੱਡੀਆਂ ਸ਼ਹਾਦਤਾਂ ਹੋਈਆਂ ਹਨ, ਇਹਨਾਂ ਸ਼ਹਾਦਤਾਂ ਨੇ ਹਰ ਤਰਾਂ ਦੇ ਜ਼ਬਰ ਜ਼ੁਲਮ ਵਿਰੁੱਧ ਦ੍ਰਿੜਤਾ ਨਾਲ ਜਿਥੇ ਆਵਾਜ਼ ਬੁਲੰਦ ਕੀਤੀ ਹੈ, ਉੱਥੇ ਮਨੁੱਖਤਾਂ ਪੱਖੀ ਸੰਦੇਸ਼ ਵੀ ਦਿੰਦਿਆਂ ਹਨ। ਲੋੜਵੰਦਾ, ਮਜਲੂਮਾਂ, ਲਤਾੜੇ ਵਰਗਾਂ ਨੂੰ ਦਰਪੇਸ਼ ਆ ਰਹੀਆਂ ਇਨਸਾਨੀ ਮੁਸ਼ਕਲਾਂ ਵਿਚ ਸਹਿਯੋਗ ਕਰਕੇ ਉਹਨਾਂ ਦੇ ਜੀਵਨ ਪੱਧਰ ਨੂੰ ਸਹੀ ਕਰਨ ਵਿਚ ਯੋਗਦਾਨ ਪਾਉਣ ਅਤੇ ਉਹਨਾਂ ਵਿਚ ਪੈਦਾ ਹੋਈ ਕਿਸੇ ਵੀ ਤਰਾਂ ਦੀ ਹੀਣ ਭਾਵਨਾਂ ਨੂੰ ਖ਼ਤਮ ਕਰਕੇ ਮਨੁੱਖਤਾਂ ਪੱਖੀ ਅਮਲ ਕਰਕੇ ਸੰਦੇਸ਼ ਦਿੰਦਿਆਂ ਹਨ। ਪਰ ਦੁੱਖ ਅਤੇ ਅਫਸੋਸ ਹੈ ਕਿ ਜਿਸ ਕਾਂਗਰਸ ਜਮਾਤ ਨੇ ਮੁਲਕ ਦੀ ਵੰਡ ਤੋਂ ਪਹਿਲਾਂ ਸਿੱਖ ਕੌਮ ਤੋਂ ਹਰ ਤਰਾਂ ਦਾ ਸਹਿਯੋਗ ਲੈਣ ਹਿੱਤ, ਕੌਮ ਨਾਲ ਉੱਤਰੀ ਭਾਰਤ ਵਿਚ ਇਕ ਆਜ਼ਾਦ ਖਿੱਤਾ ਪ੍ਰਦਾਨ ਕਰਨ ਦੇ ਬੱਚਨ ਕਰਕੇ ਸਿੱਖ ਕੌਮ ਨਾਲ ਵੱਡਾ ਧੋਖਾ-ਫਰੇਬ ਕੀਤਾ, ਫਿਰ ਸਾਨੂੰ ਸਰਕਾਰੀ ਫਾਇਲਾਂ ਵਿਚ ਜਰਾਇਮ ਪੇਸ਼ਾ ਕਰਾਰ ਦੇਕੇ ਸਾਡੇ ਮਨੁੱਖਤਾਂ ਪੱਖੀ ਉੱਚੇ-ਸੁੱਚੇ ਕਿਰਦਾਰ ਉਤੇ ਦਾਗ ਲਗਾਉਣ ਦੇ ਅਮਲ ਕੀਤੇ ਹੋਣ, ਬਲੂਸਟਾਰ ਦਾ ਫੌਜੀ ਹਮਲਾ ਕਰਕੇ ਸਾਡੇ ਗੁਰੂਧਾਮਾਂ ਨੂੰ ਤਹਿਸ-ਨਹਿਸ ਕੀਤਾ ਹੋਵੇ, ਕਤਲੇਆਮ ਕੀਤਾ ਹੋਵੇ, 1984 ਵਿਚ ਸਾਡੇ ਸਿੱਖਾਂ ਦੇ ਘਰਾਂ ਅਤੇ ਕਾਰੋਬਾਰਾਂ ਨੂੰ ਲੁੱਟਦੇ ਹੋਏ ਬਲਾਤਕਾਰ ਕੀਤੇ ਹੋਣ, ਬੱਚਿਆਂ, ਬੀਬੀਆਂ, ਬਜ਼ੁਰਗਾਂ, ਨੌਜਵਾਨਾਂ ਦੇ ਖ਼ੂਨ ਨਾਲ ਹੋਲੀ ਖੇਡੀ ਹੋਵੇ, ਪੰਜਾਬ ਵਿਚ ਝੂਠੇ ਪੁਲਿਸ ਮੁਕਾਬਲਿਆਂ ਰਾਹੀ ਸਿਵਿਆਂ ਵਿਚ ਰੋਣ ਕੁਰਲਾਹਟ ਪੈਦਾ ਕੀਤੀ ਹੋਵੇ, ਪੰਜਾਬ ਦੇ ਖਜਾਨੇ ਅਤੇ ਸਾਧਨਾ ਨੂੰ ਲੁੱਟਿਆ ਹੋਵੇ, ਹਮੇਸ਼ਾਂ ਪੰਜਾਬੀਆਂ ਅਤੇ ਸਿੱਖਾਂ ਨਾਲ ਬੇਇਨਸਾਫੀਆਂ ਅਤੇ ਜ਼ਬਰ ਕਰਦੇ ਆ ਰਹੇ ਹੋਣ, ਸਾਡੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਦਾ ਅਪਮਾਨ ਕਰਨ ਅਤੇ ਸਿੱਖਾਂ ਦੇ ਕਤਲ ਕਰਨ ਵਿਚ ਮੋਹਰੀ ਹੋਵੇ, ਬਾਹਰਲੇ ਮੁਲਕਾਂ ਵਿਚ ਸਿੱਖਾਂ ਨੂੰ ਬਦਨਾਮ ਕਰਨ ਦੀਆਂ ਸਾਜਸ਼ਾਂ ਕੀਤੀਆਂ ਜਾਂਦੀਆਂ ਹੋਣ, ਉਸ ਕਾਂਗਰਸ ਜਾਲਮ ਜਮਾਤ ਅਤੇ ਉਸਦੇ ਰਾਜਾ ਵੜਿੰਗ ਵਰਗੇ ਆਗੂਆਂ ਨੂੰ ਕੋਈ ਹੱਕ ਨਹੀਂ ਕਿ ਉਹ ਸਾਡੀਆਂ ਪੀਰੀ-ਪੀਰੀ ਦੀਆਂ ਹੋਣ ਵਾਲੀਆਂ ਸ਼ਹੀਦੀ ਕਾਨਫਰੰਸਾਂ ਉਤੇ ਗੈਰ-ਦਲੀਲ ਢੰਗ ਨਾਲ ਕਿੰਤੂ-ਪ੍ਰੰਤੂ ਕਰਕੇ ਅਤੇ ਸਾਡੀ ਮਹਾਨ ਸਰਬਉੱਚ ਸੰਸਥਾ ਸ਼੍ਰੀ ਅਕਾਲ ਤਖ਼ਤ ਸਾਹਿਬ ਦੇ ਰੁਤਬੇ ਦੇ ਮਾਣ-ਸਨਮਾਨ ਨੂੰ ਠੇਸ ਪਹੁੰਚਾਉਣ ਅਤੇ ਸਿੱਖ ਸ਼ਖ਼ਸੀਅਤਾਂ ਵਿਚ ਨਫ਼ਰਤ ਪੈਦਾ ਕਰਨ ਦੀ ਗੁਸਤਾਖੀ ਕਰਨ। ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਮੁਕਤਸਰ ਦੀ ਪਵਿੱਤਰ ਸ਼ਹੀਦੀ ਧਰਤੀ ਉਤੇ ਸਾਡੇ ਵਲੋਂ ਕੀਤੀ ਗਈ ਮੀਰੀ-ਪੀਰੀ ਕਾਨਫਰੰਸ ਉਤੇ ਕਿੰਤੂ-ਪ੍ਰੰਤੂ ਕਰਨ ਅਤੇ ਸਾਡੀ ਮਹਾਨ ਸੰਸਥਾ ਸ਼੍ਰੀ ਅਕਾਲ ਤਖਤ ਸਾਹਿਬ ਅਤੇ ਸਾਡੀ ਕੌਮੀ ਸਿਆਸਤ ਵਿਚ ਗਲਤਫੈਮੀਆਂ ਪੈਦਾ ਕਰਨ ਦੇ ਅਮਲਾਂ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਪ੍ਰਗਟ ਕੀਤੇ। ਉਹਨਾਂ ਕਿਹਾ ਕਿ ਜੈਤੋਂ ਦੇ ਮੋਰਚੇ ਸਮੇਂ ਨਹਿਰੂ, ਗਾਂਧੀ ਅਤੇ ਕਾਂਗਰਸੀ ਆਗੂਆਂ ਨੇ ਆਜ਼ਾਦੀ ਲਈ ਸਹਿਯੋਗ ਕਿਉਂ ਮੰਗਦੀ ਰਹੀ ਹੈ ਜੇਕਰ ਇਹਨਾਂ ਮਹਾਨ ਸ਼ਹੀਦੀ ਸਥਾਨਾਂ ਤੇ ਆਪਣੇ ਨਾਲ ਹੋ ਰਹੀਆਂ ਬੇਇਨਸਾਫੀਆਂ ਅਤੇ ਜ਼ਬਰ ਸਬੰਧੀ ਆਵਾਜ਼ ਨਹੀਂ ਉਠਾ ਸਕਦੇ ਅਤੇ ਉਹਨਾਂ ਦੀ ਜਾਣਕਾਰੀ ਸਿੱਖ ਕੌਮ ਅਤੇ ਸੰਸਾਰ ਨੂੰ ਦੇਣ ਦਾ ਅਮਲ ਨਹੀਂ ਕਰ ਸਕਦੇ, ਫਿਰ ਅਜਿਹੀਆਂ ਤਾਕਤਾਂ ਨੂੰ ਆਪਣੇ ਝੂਠ ਤੂਫ਼ਾਨ ਗੁੰਮਰਾਹਕੁਨ ਪ੍ਰਚਾਰ ਕਰਨ ਦੀ ਇਜਾਜਤ ਅਜਿਹੇ ਸ਼ਹੀਦੀ ਸਥਾਨਾਂ ਤੇ ਸਾਡੀਆਂ ਮਹਾਨ ਸੰਸਥਾਵਾਂ ਕਿਵੇਂ ਦੇ ਸਕਦੀਆਂ ਹਨ ? ਉਹਨਾਂ ਕਾਂਗਰਸ ਵਰਗੀਆਂ ਪੰਜਾਬ ਸੂਬੇ ਅਤੇ ਸਿੱਖ ਕੌਮ ਵਿਰੋਧੀ ਤਾਕਤਾਂ ਨੂੰ ਖ਼ਬਰਦਾਰ ਕਰਦੇ ਹੋਏ ਕਿਹਾ ਕਿ ਪੰਜਾਬ ਦੀ ਪਵਿੱਤਰ ਧਰਤੀ ਉਤੇ ਮਾਹੌਲ ਨੂੰ ਗੰਧਲਾ ਕਰਨ ਅਤੇ ਸਿੱਖ ਕੌਮ ਵਿਚ ਭਰਾਮਾਰੂ ਜੰਗ ਕਰਵਾਉਣ ਦੀਆਂ ਸਾਜਿਸ਼ਾਂ ਨੂੰ ਕਦਾਚਿਤ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ।

ਆਵਾਜ਼ਿ ਕੌਮ AWAZE QAUM International Newspaper & WEB TV







### ਭਾਰਤ ਦੇ ਰਾਸ਼ਟਰਪਤੀ ਵਲੋਂ ਸੰਸਦ ਮੈਂਬਰ ਵਿਕਰਮ ਸਾਹਨੀ ਨੂੰ

# ਆਨਰੇਰੀ ਡਾਕਟਰੇਟ ਨਾਲ ਕੀਤਾ ਗਿਆ ਸਨਮਾਨਿਤ

**ਨਵੀਂ ਦਿੱਲੀ, 15 ਜਨਵਰੀ (ਮਨਪ੍ਰੀਤ ਸਿੰਘ ਖਾਲਸਾ)**:- ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਗੋਲਡਨ ਜੁਬਲੀ ਕਨਵੋਕੇਸ਼ਨ ਦੇ ਮੌਕੇ 'ਤੇ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਨੇ ਰਾਜ ਸਭਾ ਤੋ ਸੰਸਦ ਮੈਂਬਰ ਅਤੇ ਪਦਮ ਸ਼੍ਰੀ ਡਾ. ਵਿਕਰਮਜੀਤ ਸਿੰਘ ਸਾਹਨੀ ਨੂੰ ਆਨਰੇਰੀ ਡਾਕਟਰੇਟ (ਆਨਰੇਰੀ ਕਾਸਾ) ਨਾਲ ਸਨਮਾਨਿਤ ਕੀਤਾ। ਪੰਜਾਬ ਵਿੱਚ ਡਾ. ਸਾਹਨੀ ਦੇ ਪ੍ਰਭਾਵਸ਼ਾਲੀ ਕੰਮ, ਖਾਸ ਕਰਕੇ ਹੜ੍ਹ ਰਾਹਤ ਅਤੇ ਪੁਨਰਵਾਸ, ਨਸ਼ਾ ਛੁਡਾਊ, ਅਤੇ ਰੁਜ਼ਗਾਰ ਨਾਲ ਜੁੜੇ ਵੱਡੇ ਪੱਧਰ 'ਤੇ ਹੁਨਰ ਵਿਕਾਸ ਪਹਿਲਕਦਮੀਆਂ ਦੇ ਸਨਮਾਨ ਵਿੱਚ ਇਹ ਆਨਰੇਰੀ ਡਾਕਟਰੇਟ ਪ੍ਰਦਾਨ ਕੀਤੀ ਗਈ। ਹਾਲ ਹੀ ਵਿੱਚ ਆਏ ਪੰਜਾਬ ਦੇ ਹੜ੍ਹਾਂ ਦੌਰਾਨ ਉਨ੍ਹਾਂ ਦੀ ਅਗਵਾਈ ਅਤੇ ਪਰਉਪਕਾਰ, ਪੰਜਾਬ ਭਰ ਵਿੱਚ ਨਸ਼ਾ ਮੁਕਤੀ ਅਤੇ ਪੁਨਰਵਾਸ ਲਈ ਨਿਰੰਤਰ ਯਤਨ, ਅਤੇ ਹਜ਼ਾਰਾਂ ਨੌਜਵਾਨਾਂ ਨੂੰ ਨੌਕਰੀਆਂ ਲਈ ਹੁਨਰ ਪ੍ਰਦਾਨ ਕਰਨ ਵਾਲੇ ਵੱਖ-ਵੱਖ ਵਿਸ਼ਵ ਪੱਧਰੀ ਹੁਨਰ ਕੇਂਦਰਾਂ ਦੀ ਸਥਾਪਨਾ ਨੇ ਰਾਜ ਭਰ ਵਿੱਚ ਰੋਜ਼ੀ-ਰੋਟੀ ਬਹਾਲ ਕਰਨ ਅਤੇ ਨੌਜਵਾਨਾਂ ਨੂੰ ਸਸ਼ਕਤ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਪਾਇਆ ਹੈ। ਇਸ ਮੌਕੇ 'ਤੇ, ਪੰਜਾਬ ਦੇ ਮਾਣਯੋਗ ਰਾਜਪਾਲ ਸ਼੍ਰੀ. ਗੁਲਾਬ ਚੰਦ ਕਟਾਰੀਆ ਨੇ ਡਾ. ਸਾਹਨੀ ਦੀ ਸਮਾਜ ਪ੍ਰਤੀ ਮਿਸਾਲੀ ਸੇਵਾ ਦੀ ਸ਼ਲਾਘਾ ਕੀਤੀ ਅਤੇ ਕਿਹਾ, ਡਾ. ਵਿਕਰਮਜੀਤ ਸਿੰਘ ਸਾਹਨੀ ਨੇ ਦਿਖਾਇਆ ਹੈ ਕਿ ਕਿਵੇਂ ਦਇਆ, ਦੂਰਦਰਸ਼ੀ ਅਤੇ ਅਮਲ ਸਾਰਥਕ ਸਮਾਜਿਕ ਤਬਦੀਲੀ ਲਿਆ ਸਕਦੇ ਹਨ। ਪੰਜਾਬ ਦੇ ਹੜ੍ਹਾਂ ਦੌਰਾਨ ਉਨ੍ਹਾਂ ਦੇ ਕੰਮ, ਨਸ਼ਾ ਮੁਕਤੀ, ਮੁੜ ਵਸੇਬੇ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ, ਅਤੇ 5000 ਤੋਂ ਵੱਧ ਨੌਜਵਾਨਾਂ ਨੂੰ ਸਨਮਾਨਜਨਕ ਰੁਜ਼ਗਾਰ ਲਈ ਹੁਨਰਮੰਦ ਬਣਾਉਣ 'ਤੇ ਉਨ੍ਹਾਂ ਦੇ ਫੋਕਸ ਨੇ ਸਥਾਈ ਪ੍ਰਭਾਵ ਪੈਦਾ ਕੀਤਾ ਹੈ ਅਤੇ ਜਨਤਕ ਜੀਵਨ ਲਈ ਪ੍ਰੇਰਨਾ ਵਜੋਂ ਕੰਮ ਕਰਦੇ ਹਨ। ਭਾਰਤ ਦੇ ਮਾਣਯੋਗ ਰਾਸ਼ਟਰਪਤੀ ਵੱਲੋਂ ਆਨਰੇਰੀ ਡਾਕਟਰੇਟ ਪ੍ਰਾਪਤ ਕਰਨ 'ਤੇ ਧੰਨਵਾਦ ਪ੍ਰਗਟ ਕਰਦੇ ਹੋਏ, ਡਾ. ਸਾਹਨੀ ਨੇ ਕਿਹਾ ਕਿ ਉਹ ਇਸ ਸਨਮਾਨ ਲਈ ਬਹੁਤ ਹੀ ਨਿਮਰ ਹਨ ਅਤੇ ਇਹ ਮਾਨਤਾ ਨਸ਼ਾ ਮੁਕਤ ਪੰਜਾਬ, ਨੌਕਰੀਆਂ ਵਾਲੇ ਸਸ਼ਕਤ ਨੌਜਵਾਨਾਂ ਅਤੇ ਲਚਕੀਲੇ ਭਾਈਚਾਰਿਆਂ ਲਈ ਹੋਰ ਵੀ ਸਖ਼ਤ ਮਿਹਨਤ ਕਰਨ ਦੇ ਮੇਰੇ ਇਰਾਦੇ ਨੂੰ ਮਜ਼ਬੂਤ ਕਰਦੀ ਹੈ।




ਆਵਾਜ਼ਿ ਕੌਮ AWAZE QAUM International Newspaper & WEB TV

# ਯੂਕੇ ਵਿਚ ਸਿੱਖ ਬੱਚੀ ਨਾਲ ਕੀਤੇ ਗਏ ਸਮੂਹਿਕ ਜਬਰਜਿਨਾਹ ਦੀ ਸਖ਼ਤ ਨਿਖੇਧੀ: ਸਰਨਾ

ਨਵੀਂ ਦਿੱਲੀ 15 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੇ ਮੁੱਖੀ ਸਰਦਾਰ ਪਰਮਜੀਤ ਸਿੰਘ ਸਰਨਾ ਨੇ ਬੀਤੇ ਦਿਨੀਂ ਯੂਕੇ ਵਿਚ ਸਿੱਖ ਬੱਚੀ ਨਾਲ ਕੀਤੇ ਗਏ ਸਮੂਹਿਕ ਜਬਰਜਿਨਾਹ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਇੰਗਲੈਂਡ ਵਿੱਚ ਜੋ ਗਰੂਮਿੰਗ ਗੈਂਗ ਵੱਲੋਂ ਇੱਕ ਸਿੱਖ ਬੱਚੀ ਨਾਲ ਕੀਤੀ ਗਈ ਵਧੀਕੀ ਦੀ ਇਹ ਘਟਨਾ ਦੀ ਜਿੰਨੀ ਨਿਖੇਧੀ ਕੀਤੀ ਜਾਵੇ , ਉਹ ਘੱਟ ਹੈ ।ਇਹ ਸਮੁੱਚੀ ਸਿੱਖ ਕੌਮ ਲਈ ਉਹ ਸੋਚਣ ਤੇ ਵਿਚਾਰਨ ਦਾ ਮਸਲਾ ਹੈ । ਵਿਦੇਸ਼ਾਂ ਵਿੱਚ ਖ਼ਾਸ ਕਰ ਯੂਰਪ ਵਿੱਚ ਇੱਕ ਅਤਿ ਘਟੀਆ ਮਾਨਸਿਕਤਾ ਵਾਲਾ ਗਰੋਹ ਪਿਛਲੇ ਲੰਮੇ ਸਮੇਂ ਤੋਂ ਸਰਗਰਮ ਹੈ ਜੋ ਸਿੱਖਾਂ ਸਮੇਤ ਹੋਰਨਾਂ ਭਾਈਚਾਰਿਆਂ ਦੀਆਂ ਬੱਚੀਆਂ ਨੂੰ ਨਿਸ਼ਾਨਾ ਬਣਾ ਰਿਹਾ ਹੈ ।ਇੰਗਲੈਂਡ ਦੀ ਸਰਕਾਰ ਨੂੰ ਅਜਿਹੇ ਲੋਕਾਂ ਤੇ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ ।ਉਨ੍ਹਾਂ ਕਿਹਾ ਓਸ ਸਮੇਂ ਮਾਮਲੇ ਦਾ ਪਤਾ ਲਗਦੇ ਹੀ ਇਕੱਠੇ ਹੋਏ ਸਿੱਖਾਂ ਵਲੋਂ ਬੱਚੀ ਨੂੰ ਛੁਡਵਾਣਾ ਬਹੁਤ ਚੰਗਾ ਕਦਮ ਸੀ ।ਉਨ੍ਹਾਂ ਕਿਹਾ ਯੂਕੇ ਦੀਆਂ ਸਿੱਖ ਜੱਥੇਬੰਦੀਆਂ ਅਤੇ ਹੋਰ ਮਨੁੱਖੀ ਅਧਿਕਾਰ ਜੱਥੇਬੰਦੀਆਂ ਨੂੰ ਇਸ ਮਾਮਲੇ ਵਿਚ ਪੀੜਿਤ ਬੱਚੀ ਨੂੰ ਇੰਨਸਾਫ ਦਿਵਾਉਣ ਅਤੇ ਦੋਸ਼ੀਆਂ ਨੂੰ ਸਜ਼ਾ ਦਿਵਾਉਣ ਲਈ ਉਪਰਾਲਾ ਕਰਣਾ ਚਾਹੀਦਾ ਹੈ ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮਹਾਨ ਗੁਰਮਤਿ ਸਮਾਗਮ

• ਜੋਤੀ ਜੋਤ ਸ਼੍ਰੋਮਣੀ ਭਗਤ, ਭਗਤ ਨਾਮਦੇਵ ਸਾਹਿਬ ਜੀ • ਸਲਾਨਾ ਬਰਸੀ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਸਾਹਿਬ ਵਾਲਿਆਂ ਨੂੰ ਸਮਰਪਿਤ ਗੁਰਮਿਤ ਸਮਾਗਮ ਕਰਵਾਏ ਜਾ ਰਹੇ ਹਨ।



ਸ਼੍ਰੀ ਅਖੰਡ ਪਾਠ ਸਾਹਿਬ ਜੀ ਦੀ ਅਰੰਭਤਾ ਸ਼ੁਕਰਵਾਰ 10:00 ਵਜੇ ਹੋਵੇ ਅਤੇ ਐਤਵਾਰ 10:00 ਵਜੇ ਭੋਗ ਪੈਣਗੇ।

• ਸ਼ਨਿੱਚਰਵਾਰ 17 ਜਨਵਰੀ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ • ਐਤਵਾਰ 18 ਜਨਵਰੀ 2026 ਨੂੰ 6:30 ਵਜੇ ਸਵੇਰੇ ਚੋਪੈਹਿਰੇ ਸਾਹਿਬ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9:30 ਵਜੇ ਭੋਗ ਪੈਣਗੇ ਉਪਰੰਤ 12 :30 ਵਜੇ ਤੱਕ ਦੀਵਾਨ ਸੱਜਣਗੇ।

• ਸ਼੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਇਲਾਕਾ ਨਿਵਾਸੀ ਸਿੱਖ ਸੰਗਤਾਂ ਵੱਲੋਂ ਲਈ ਗਈ ਹੈ।

ਕਥਾ ਵਾਚਕ ਗਿਆਨੀ ਹੀਰਾਂ ਸਿੰਘ ਮਨਿਹਾਲਾ ਕਥਾ ਰਾਹੀਂ ਗੁਰਬਾਣੀ ਗੁਰ ਇਤਿਹਾਸ ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☚ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ਜੀ ॥



ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸੱਚੀ ਦਰਗਹ ਜਾਇ ਸਚਾ ਪਿੜ ਮਲਿਆ ॥

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੱਚਖੰਡਵਾਸੀ
ਸ਼੍ਰੀਮਾਨ ਸੰਤ ਬਾਬਾ ਜਸਵੰਤ ਸਿੰਘ ਸਾਹਿਬ ਜੀ ਦੇ ਛੋਟੇ ਭਰਾਤਾ
ਅਤੇ ਬਾਬਾ ਅਨਹਦਰਾਜ ਸਿੰਘ ਜੀ ਦੇ ਸਤਿਕਾਰ ਯੋਗ ਪਿਤਾ ਜੀ

# ਸਰਦਾਰ ਅਮਰਜੀਤ ਸਿੰਘ ਜੀ

ਮਿਤੀ 15/1/2026 ਨੂੰ ਅੰਮ੍ਰਿਤਵੇਲੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਸੱਚਖੰਡ ਜਾ ਬਿਰਾਜੇ ਹਨ। ਉਨ੍ਹਾਂ ਦਾ **ਅੰਤਿਮ ਸੰਸਕਾਰ** ਮਿਤੀ **17/01/2026 ਦਿਨ ਸ਼ਨੀਵਾਰ** ਨੂੰ **ਗਊਘਾਟ ਸ਼ਮਸ਼ਾਨ ਘਾਟ ਲੁਧਿਆਣਾ** ਵਿਖੇ **ਦੁਪਹਿਰ 12:00 ਵਜੇ** ਕੀਤਾ ਜਾਣਾ ਹੈ। ਸੋ ਆਪ ਸਭ ਨੇ ਉਨ੍ਹਾਂ ਦੀ ਅੰਤਿਮ ਯਾਤਰਾ ਵਿੱਚ ਹਾਜ਼ਰ ਹੋਣ ਦੀ ਕਿਰਪਾਲਤਾ ਕਰਨੀ ਜੀ।

**ਬੇਨਤੀ- ਬਾਬਾ ਅਨਹਦ ਰਾਜ ਸਿੰਘ ਜੀ**
ਗੁਰਦੁਆਰਾ ਨਾਨਕਸਰ ਸਾਹਿਬ, ਸਮਰਾਲਾ ਚੌਂਕ
ਲੁਧਿਆਣਾ।

ਆਵਾਜ਼ਿ ਕੌਮ AWAZE QAUM International Newspaper & WEB TV




ਅੰਮ੍ਰਿਤਸਰ

# 16 ਜਨਵਰੀ ਨੂੰ ਹੋਵੇਗੀ SGPC ਦੀ ਅੰਤਰਿਮ ਕਮੇਟੀ ਦੀ ਅਹਿਮ ਇਕੱਤਰਤਾ

## SGPC ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਸ਼੍ਰੋਮਣੀ ਕਮੇਟੀ ਦਫ਼ਤਰ 'ਚ ਹੋਵੇਗੀ ਇਕੱਤਰਤਾ



**ਅੰਮ੍ਰਿਤਸਰ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕ ਅਹਿਮ ਇਕੱਤਰਤਾ 16 ਜਨਵਰੀ ਨੂੰ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ, ਅੰਮ੍ਰਿਤਸਰ ਵਿਖੇ ਹੋਣ ਜਾ ਰਹੀ ਹੈ। ਇਹ ਮੀਟਿੰਗ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਹੇਠ ਬੁਲਾਈ ਗਈ ਹੈ। ਇਸ ਇਕੱਤਰਤਾ ਦੌਰਾਨ ਗੁਰਦੁਆਰਾ ਪ੍ਰਬੰਧਨ ਨਾਲ ਜੁੜੇ ਅਹਿਮ ਮਸਲੇ, ਵਿੱਤੀ ਤੇ ਪ੍ਰਸ਼ਾਸਕੀ ਮਾਮਲੇ, ਪੰਥਕ ਮੁੱਦੇ ਅਤੇ ਮੌਜੂਦਾ ਹਾਲਾਤਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਇਸ ਤੋਂ ਇਲਾਵਾ, ਸ਼੍ਰੋਮਣੀ ਕਮੇਟੀ ਦੀਆਂ ਭਵਿੱਖੀ ਨੀਤੀਆਂ ਅਤੇ ਫੈਸਲਿਆਂ ਸਬੰਧੀ ਵੀ ਅਹਿਮ ਵਿਚਾਰਾਂ ਦੀ ਉਮੀਦ ਹੈ। ਸੂਤਰਾਂ ਅਨੁਸਾਰ, ਮੀਟਿੰਗ ਵਿੱਚ ਸਿੱਖ ਸੰਸਥਾਵਾਂ ਨਾਲ ਜੁੜੇ ਮਸਲੇ, ਗੁਰਦੁਆਰਾ ਪ੍ਰਬੰਧਨ ਨੂੰ ਹੋਰ ਮਜ਼ਬੂਤ ਬਣਾਉਣ ਅਤੇ ਪੰਥਕ ਹਿਤਾਂ ਦੀ ਰੱਖਿਆ ਲਈ ਲੋੜੀਂਦੇ ਕਦਮਾਂ 'ਤੇ ਵੀ ਚਰਚਾ ਹੋ ਸਕਦੀ ਹੈ। ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਪੰਥਕ ਹਲਕਿਆਂ ਵਿੱਚ ਖਾਸ ਅਹਿਮੀਅਤ ਰੱਖਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਮੌਸਮ ਵਿਭਾਗ ਨੇ ਜਾਰੀ ਕੀਤਾ ਆਰੇਂਜ ਅਲਰਟ, ਸੀਤ ਲਹਿਰ ਤੋਂ ਅਜੇ ਨਹੀਂ ਮਿਲੇਗੀ ਰਾਹਤ



**ਚੰਡੀਗੜ੍ਹ, 15 ਜਨਵਰੀ (ਆਵਾਜ਼ਿ ਕੌਮ ਬਿਊਰੋ)**- ਪੰਜਾਬ ਅਤੇ ਚੰਡੀਗੜ੍ਹ ਦੇ ਲੋਕਾਂ ਨੂੰ ਦੋ ਹੋਰ ਦਿਨ ਸੀਤ ਲਹਿਰ ਦਾ ਸਾਹਮਣਾ ਕਰਨਾ ਪਵੇਗਾ। ਮੌਸਮ ਵਿਭਾਗ ਅਨੁਸਾਰ, ਅੱਜ (ਵੀਰਵਾਰ) ਪੰਜਾਬ ਵਿੱਚ ਸੀਤ ਲਹਿਰ ਅਤੇ ਸੰਘਣੀ ਧੁੰਦ ਲਈ ਸੰਤਰੀ ਚੇਤਾਵਨੀ ਜਾਰੀ ਕੀਤੀ ਗਈ ਹੈ। ਪਿਛਲੇ 24 ਘੰਟਿਆਂ ਵਿੱਚ ਵੱਧ ਤੋਂ ਵੱਧ ਅਤੇ ਘੱਟੋ-ਘੱਟ ਤਾਪਮਾਨ ਵਿੱਚ ਥੋੜ੍ਹਾ ਵਾਧਾ ਹੋਇਆ ਹੈ। ਹਾਲਾਂਕਿ, ਵੱਧ ਤੋਂ ਵੱਧ ਤਾਪਮਾਨ ਅਜੇ ਵੀ 6.3 ਡਿਗਰੀ ਅਤੇ ਘੱਟੋ-ਘੱਟ ਤਾਪਮਾਨ ਆਮ ਨਾਲੋਂ 3.2 ਡਿਗਰੀ ਘੱਟ ਸੀ। ਬਠਿੰਡਾ ਵਿੱਚ ਵੀ ਤਾਪਮਾਨ 1.6 ਡਿਗਰੀ ਦੇ ਆਸ-ਪਾਸ ਰਿਹਾ ਅਤੇ ਸੰਘਣੀ ਧੁੰਦ ਨੇ ਕਈ ਖੇਤਰਾਂ ਨੂੰ ਢੱਕ ਲਿਆ, ਜਿਸ ਨਾਲ ਦ੍ਰਿਸ਼ਟੀ ਘੱਟ ਕੇ ਜ਼ੀਰੋ ਹੋ ਗਈ। ਆਵਾਜਾਈ ਅਤੇ ਉਡਾਣਾਂ ਪ੍ਰਭਾਵਿਤ ਹੋਈਆਂ, ਜਦੋਂ ਕਿ ਸਕੂਲਾਂ ਦੀਆਂ ਛੁੱਟੀਆਂ ਵਧਾ ਦਿੱਤੀਆਂ ਗਈਆਂ। IMD ਨੇ ਚੇਤਾਵਨੀ ਜਾਰੀ ਕੀਤੀ ਹੈ ਕਿ ਸੀਤ ਲਹਿਰ ਅਤੇ ਸੰਘਣੀ ਧੁੰਦ ਅਗਲੇ ਦੋ ਦਿਨਾਂ ਤੱਕ ਜਾਰੀ ਰਹੇਗੀ, ਜਿਸ ਨਾਲ ਸਿਹਤ, ਖੇਤੀਬਾੜੀ ਅਤੇ ਆਵਾਜਾਈ ਪ੍ਰਭਾਵਿਤ ਹੋ ਸਕਦੀ ਹੈ। ਮੌਸਮ ਵਿਭਾਗ ਅਨੁਸਾਰ 16 ਤਰੀਕ ਤੋਂ ਪਹਾੜਾਂ ਵਿੱਚ ਬਰਫ਼ਬਾਰੀ ਅਤੇ ਪੰਜਾਬ ਵਿੱਚ ਹਲਕੀ ਬਾਰਿਸ਼ ਹੋਣ ਦੀ ਸੰਭਾਵਨਾ ਹੈ। ਅਗਲੇ ਹਫ਼ਤੇ ਮੀਂਹ ਅਤੇ ਗੜੇਮਾਰੀ ਦੀ ਵੀ ਸੰਭਾਵਨਾ ਹੈ। ਮੌਸਮ ਵਿਭਾਗ ਅਨੁਸਾਰ ਅੱਜ ਅੰਮ੍ਰਿਤਸਰ, ਨਵਾਂਸ਼ਹਿਰ, ਕਪੂਰਥਲਾ, ਜਲੰਧਰ, ਲੁਧਿਆਣਾ, ਬਰਨਾਲਾ, ਸੰਗਰੂਰ, ਫਤਿਹਗੜ੍ਹ ਸਾਹਿਬ, ਰੂਪਨਗਰ, ਪਟਿਆਲਾ, ਐਸਏਐਸ ਨਗਰ (ਮੁਹਾਲੀ) ਅਤੇ ਮਲੇਰਕੋਟਲਾ ਵਿੱਚ ਸੰਘਣੀ ਧੁੰਦ ਪੈਣ ਦੀ ਸੰਭਾਵਨਾ ਹੈ। ਦੂਜੇ ਪਾਸੇ ਪਠਾਨਕੋਟ, ਗੁਰਦਾਸਪੁਰ, ਤਰਨਤਾਰਨ, ਹੁਸ਼ਿਆਰਪੁਰ, ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਅਤੇ ਮਾਨਸਾ ਵਿੱਚ ਕੁਝ ਥਾਵਾਂ 'ਤੇ ਸੰਘਣੀ ਧੁੰਦ ਪੈ ਸਕਦੀ ਹੈ। ਜਦੋਂ ਕਿ ਫਿਰੋਜ਼ਪੁਰ, ਫਾਜ਼ਿਲਕਾ, ਫਰੀਦਕੋਟ, ਮੁਕਤਸਰ, ਮੋਗਾ, ਬਠਿੰਡਾ ਅਤੇ ਲੁਧਿਆਣਾ ਵਿੱਚ ਸੀਤ ਲਹਿਰ ਚੱਲ ਸਕਦੀ ਹੈ। ਮੌਸਮ ਵਿਭਾਗ ਦੇ ਡਾਇਰੈਕਟਰ ਸੁਰੇਂਦਰ ਪਾਲ ਦਾ ਕਹਿਣਾ ਹੈ ਕਿ 17 ਤਰੀਕ ਤੱਕ ਮੌਸਮ ਖੁਸ਼ਕ ਰਹੇਗਾ ਅਤੇ ਮੀਂਹ ਪੈਣ ਦੀ ਕੋਈ ਸੰਭਾਵਨਾ ਨਹੀਂ ਹੈ। ਹਾਲਾਂਕਿ, 18 ਤੋਂ 20 ਤਰੀਕ ਦੇ ਵਿਚਕਾਰ ਰਾਜ ਦੇ ਕੁਝ ਇਲਾਕਿਆਂ ਵਿੱਚ ਹਲਕੀ ਬਾਰਿਸ਼ ਹੋ ਸਕਦੀ ਹੈ। ਅਗਲੇ ਪੰਜ ਦਿਨਾਂ ਵਿੱਚ, ਘੱਟੋ-ਘੱਟ ਤਾਪਮਾਨ ਹੌਲੀ-ਹੌਲੀ 3 ਤੋਂ 5 ਡਿਗਰੀ ਵਧੇਗਾ। ਇਸ ਤੋਂ ਬਾਅਦ, ਤਾਪਮਾਨ ਵਿੱਚ ਕੋਈ ਵੱਡਾ ਬਦਲਾਅ ਨਹੀਂ ਹੋਵੇਗਾ। ਮੌਸਮ ਵਿਭਾਗ ਦੇ ਅਨੁਸਾਰ, ਇਸ ਸਮੇਂ ਜੰਮੂ-ਕਸ਼ਮੀਰ ਅਤੇ ਹਿਮਾਚਲ ਤੋਂ ਬਰਫੀਲੀਆਂ ਹਵਾਵਾਂ ਚੱਲ ਰਹੀਆਂ ਹਨ, ਜਿਸ ਕਾਰਨ ਠੰਡ ਵਧ ਗਈ ਹੈ। ਹਾਲਾਂਕਿ ਅੱਜ ਤਾਪਮਾਨ ਵਿੱਚ ਥੋੜ੍ਹਾ ਵਾਧਾ ਹੋਵੇਗਾ, ਪਰ 16 ਤਰੀਕ ਤੋਂ ਹਵਾਵਾਂ ਦੀ ਦਿਸ਼ਾ ਬਦਲ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243